SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 56 | Thursday, March 21, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

# ਨਿੱਘੀ ਸਰਦ ਰੁੱਤ ਰਹਿਣ ਤੋਂ ਬਾਅਦ ਬਸੰਤ ਨੇ ਕੈਨੇਡਾ ਵਿੱਚ ਦਿੱਤੀ ਦਸਤਕ



ਟੋਰਾਂਟੋ, 20 ਮਾਰਚ (ਪੋਸਟ ਬਿਊਰੋ) : ਇਸ ਵਾਰੀ ਬਸੰਤ ਦਾ ਮੌਸਮ ਆ ਵੀ ਗਿਆ ਹੈ ਪਰ ਇਸ ਦੇ ਨਾਲ ਹੀ ਮੌਸਮ ਨਾਲ ਜੁੜੇ ਕਈ ਤਰ੍ਹਾਂ ਦੇ ਨਵੇਂ ਰੁਝਾਨ ਤੇ ਪੈਟਰਨ ਵੇਖਣ ਨੂੰ ਮਿਲੇ ਹਨ। ਕੈਨੇਡਾ ਵਿੱਚ ਇਸ ਵਾਰੀ ਸਿਆਲ ਸੱਭ ਤੋਂ ਨਿੱਘੇ ਮੰਨੇ ਗਏ ਹਨ।

ਮੌਸਮ ਵਿੱਚ ਇਸ ਤਪਿਸ਼ ਬਾਰੇ ਐਨਵਾਇਰਮੈਂਟ ਤੇ ਕਲਾਈਮੇਟ ਚੇਂਜ ਕੈਨੇਡਾ ਵੱਲੋਂ ਜਾਰੀ ਕੀਤੇ ਗਏ ਅੰਕੜੇ ਕਾਫੀ ਘੱਟ ਵੇਖਣ ਨੂੰ ਮਿਲਦੇ ਹਨ। ਐਨਵਾਇਰਮੈਂਟ ਐਂਡ ਕਲਾਈਮੇਟ ਚੇਂਜ ਕੈਨੇਡਾ ਦੇ ਸੀਨੀਅਰ ਕਲਾਇਮੇਟੌਲੋਜਿਸਟ ਡੇਵਿਡ ਫਿਲਿਪ ਨੇ ਆਖਿਆ ਕਿ ਸੱਭ ਤੋਂ ਪਹਿਲਾਂ ਮੌਸਮ ਉੱਤੇ ਅਲ ਨੀਨੋ ਦਾ ਅਸਰ ਪਿਆ। ਇਹ ਕਾਫੀ ਪਹਿਲਾਂ ਹੀ ਆ ਗਿਆ ਤੇ ਜਿਸ ਕਾਰਨ ਦਸੰਬਰ ਤੇ ਫਰਵਰੀ ਵਿੱਚ ਠੰਢ ਘੱਟ ਮਹਿਸੂਸ ਹੋਈ। ਫਿਰ ਲੋਕਾਂ ਨੇ ਸੋਚਿਆ ਕਿ



ਨਵੇਂ ਸਾਲ ਵਿੱਚ ਠੰਢ ਵੱਧਣ ਦੀ ਸੰਭਾਵਨਾ ਹੈ ਪਰ ਅਜਿਹਾ ਨਹੀਂ ਹੋਇਆ। ਫਿਲਿਪਸ ਨੇ ਦੱਸਿਆ ਕਿ ਇਸ ਵਾਰੀ ਸਮੁੰਦਰਾਂ ਦਾ ਪਾਣੀ ਵੀ ਮੁਕਾਬਲਤਨ ਘੱਟ ਠੰਢਾ ਰਿਹਾ। ਉਨ੍ਹਾਂ ਆਖਿਆ ਕਿ ਇਹ ਕਲਾਈਮੇਟ ਚੇਂਜ ਦਾ ਹੀ ਅਸਰ ਹੈ। ਫਿਲਿਪਸ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਕੈਨੇਡਾ ਦਾ ਤਾਪਮਾਨ ਇਸ ਵਾਰੀ 5 ਡਿਗਰੀ ਸੈਲਸੀਅਸ ਤੱਕ ਨਿੱਘਾ ਰਿਹਾ। ਪਿਛਲੇ ਸਾਲ ਲੱਗੀ ਜੰਗਲ ਦੀ ਅੱਗ ਦਾ ਵੀ ਮੌਸਮ ਉੱਤੇ ਨਕਾਰ-ਾਤਮਕ ਅਸਰ ਪਿਆ ਦੱਸਿਆ ਜਾਂਦਾ ਹੈ। ਫਿਲਿਪਸ ਨੇ ਆਖਿਆ ਕਿ ਇਸ ਵਾਰੀ ਅਪਰੈਲ, ਮਈ ਤੇ ਜੂਨ ਆਮ ਨਾਲੋਂ ਗਰਮ ਰਹਿਣਗੇ।

## ਇਟੋਬੀਕੋ ਦੀ ਬਿਲਡਿੰਗ ਵਿੱਚ ਲੱਗੀ ਅੱਗ, 1 ਜ਼ਖ਼ਮੀ



ਇਟੋਬੀਕੋ, 20 ਮਾਰਚ (ਪੋਸਟ ਬਿਊਰੋ) : ਮੰਗਲਵਾਰ ਦੁਪਹਿਰ ਨੂੰ ਇਟੋਬੀਕੋ ਵਿੱਚ ਦੋ ਅਲਾਰਮ ਵਾਲੀ ਅੱਗ ਲੱਗਣ ਕਾਰਨ ਇੱਕ ਵਿਅਕਤੀ ਜ਼ਖ਼ਮੀ ਹੋ ਗਿਆ। ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਟੋਰਾਂਟੋ ਫਾਇਰ ਸਰਵਿਸਿਜ਼ ਨੂੰ ਦੁਪਹਿਰੇ 4:00 ਵਜੇ ਤੋਂ ਪਹਿਲਾਂ ਕਾਲ ਮਿਲੀ ਜਿਸ ਵਿੱਚ ਦੱਸਿਆ ਗਿਆ ਕਿ ਬੈਲਫੀਲਡ ਤੇ ਮਾਰਟਿਨ ਗ੍ਰੋਵ ਰੋਡਜ਼ ਨੇੜੇ ਆਇਰਨ ਸਟਰੀਟ ਉੱਤੇ ਇੱਕ ਬਿਲਡਿੰਗ ਵਿੱਚ ਅੱਗ ਲੱਗ ਗਈ ਹੈ। ਅਮਲੇ ਦੇ ਮੌਕੇ ਉੱਤੇ ਪਹੁੰਚਣ ਉੱਤੇ ਉਨ੍ਹਾਂ ਨੂੰ ਬਿਲਡਿੰਗ ਵਿੱਚੋਂ ਕਾਫੀ ਧੂੰਆਂ ਆਉਂਦਾ ਨਜ਼ਰ ਆਇਆ ਪਰ ਉਨ੍ਹਾਂ ਵੱਲੋਂ ਜਲਦ ਹੀ ਅੱਗ ਉੱਤੇ ਕਾਬੂ ਪਾ ਲਿਆ ਗਿਆ। ਇਸ ਸਾਰੀ ਸਥਿਤੀ ਉੱਤੇ ਨਜ਼ਰ ਰੱਖਣ ਲਈ ਫਾਇਰ ਟਰੱਕਸ ਮੌਕੇ ਉੱਤੇ ਬਣੇ ਰਹੇ।

ਪੈਰਾਮੈਡਿਕਸ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇੱਕ ਵਿਅਕਤੀ, ਜੋ ਕਿ ਆਪਣੇ 50ਵਿਆਂ ਵਿੱਚ ਸੀ, ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਮਾਮੂਲੀ ਜ਼ਖ਼ਮਾਂ ਲਈ ਉਸ ਦਾ ਇਲਾਜ ਕੀਤਾ ਗਿਆ। ਅੱਗ ਲੱਗਣ ਦੇ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ।

## ਲਿਬਰਲ ਸਰਕਾਰ ਖਿਲਾਫ ਬੇਭਰੋਸਗੀ ਮਤਾ ਲਿਆਉਣ ਦੀ ਤਿਆਰੀ ਕਰ ਰਹੇ ਹਨ ਕੰਜ਼ਰਵੇਟਿਵ

ਓਟਵਾ, 20 ਮਾਰਚ (ਪੋਸਟ ਬਿਊਰੋ) : ਪਹਿਲੀ ਅਪਰੈਲ ਤੋਂ ਕਾਰਬਨ ਟੈਕਸਾਂ ਵਿੱਚ ਕੀਤੇ ਜਾ ਰਹੇ ਵਾਧੇ ਦੇ ਵਿਰੋਧ ਵਿੱਚ ਕੰਜ਼ਰਵੇਟਿਵ ਆਗੂ ਪਿਏਰ ਪੌਲੀਐਵਰ ਲਿਬਰਲ ਸਰਕਾਰ ਖਿਲਾਫ ਬੇਭਰੋਸਗੀ ਮਤਾ ਲਿਆਉਣ ਦੀ ਤਿਆਰੀ ਕਰ ਰਹੇ ਹਨ। ਦੂਜੇ ਪਾਸੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਵੀ ਇਹ ਸਪਸ਼ਟ ਕਰ ਦਿੱਤਾ ਹੈ ਕਿ ਉਹ ਇਸ ਫੈਸਲੇ ਵਿੱਚ ਕੋਈ ਫੇਰਬਦਲ ਨਹੀਂ ਕਰਨਗੇ।




ਕਲਾਈਮੇਟ ਐਕਸ਼ਨ ਗਰੁੱਪਜ਼ ਵੱਲੋਂ ਕੰਜ਼ਰਵੇਟਿਵਾਂ ਨੂੰ ਇਹ ਸਲਾਹ ਦਿੱਤੀ ਜਾ ਰਹੀ ਹੈ ਕਿ ਉਹ ਕਾਰਬਨ ਟੈਕਸ ਦਾ ਸਹਾਰਾ ਲੈ ਕੇ ਸਿਆਸੀ ਨੰਬਰ ਨਾ ਬਣਾਉਣ ਤੇ ਇਸ ਦੌਰਾਨ ਪ੍ਰਧਾਨ ਮੰਤਰੀ ਨੇ ਬੁੱਧਵਾਰ ਨੂੰ ਪ੍ਰਸ਼ਨ ਕਾਲ ਦੌਰਾਨ ਪੌਲੀਐਵਰ ਵੱਲੋਂ ਦਿੱਤੀ ਇਸ ਚੁਣੌਤੀ ਨੂੰ ਸਵੀਕਾਰ ਕਰ ਲਿਆ। ਇਸ ਉੱਤੇ ਟਿੱਪਣੀ ਕਰਦਿਆਂ ਟਰੂਡੋ ਨੇ ਆਖਿਆ ਕਿ ਪ੍ਰਦੂਸ਼ਣ ਦੇ ਨਾਂ ਉੱਤੇ ਚੋਣਾਂ? ਅਸੀਂ ਪਹਿਲਾਂ ਵੀ ਤਿੰਨ ਵਾਰੀ ਚੋਣ ਲੜ ਕੇ ਜਿੱਤ ਚੁੱਕੇ ਹਾਂ। ਇਸ ਉੱਤੇ ਪੌਲੀਐਵਰ ਨੇ ਆਖਿਆ ਕਿ ਫਿਰ ਚੌਥੀ ਵਾਰੀ ਚੋਣ ਲੜਨ ਵਿੱਚ ਕੋਈ ਦਿੱਕਤ ਲਿਬਰਲਾਂ ਨੂੰ ਨਹੀਂ ਆਉਣੀ ਚਾਹੀਦੀ।

ਬੁੱਧਵਾਰ ਸਵੇਰੇ ਪਾਰਲੀਆਮੈਂਟ ਹਿੱਲ ਉੱਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੌਲੀਐਵਰ ਨੇ ਆਖਿਆ ਕਿ ਉਹ ਟਰੂਡੋ ਨੂੰ ਫੂਡ, ਗੈਸ ਤੇ ਹੀਟ ਉੱਤੇ ਲਾਏ ਜਾਣ ਵਾਲੇ ਟੈਕਸ ਵਿੱਚ ਵਾਧਾ ਕਰਨ ਤੋਂ ਰੋਕਣ ਲਈ ਆਖਰੀ ਮੌਕਾ ਤੇ ਇੱਕ ਦਿਨ ਹੋਰ ਦੇ ਰਹੇ ਹਨ। ਇਸ ਤੋਂ ਬਾਅਦ ਜੇ ਉਨ੍ਹਾਂ ਵੱਲੋਂ ਟੈਕਸ ਵਿੱਚ ਵਾਧੇ ਉੱਤੇ ਰੋਕ ਨਾ ਲਾਈ ਗਈ ਤਾਂ ਉਹ ਪ੍ਰਧਾਨ ਮੰਤਰੀ ਖਿਲਾਫ ਬੇਭਰੋਸਗੀ ਮਤਾ ਪੇਸ਼ ਕਰਨਗੇ। ਕੰਜ਼ਰਵੇਟਿਵਾਂ ਵੱਲੋਂ ਪੇਸ਼ ਇਸ ਪ੍ਰਸਤਾਵ ਨੂੰ ਟੀਮ ਟਰੂਡੋ, ਬਲਾਕ, ਐਨਡੀਪੀ ਤੇ ਗ੍ਰੀਨ ਪਾਰਟੀ ਵੱਲੋਂ ਰੱਦ ਕਰ ਦਿੱਤਾ ਗਿਆ। ਹੁਣ ਵੀਰਵਾਰ ਨੂੰ ਇਸ ਮੁੱਦੇ ਉੱਤੇ ਭਖਵੀਂ ਬਹਿਸ ਹੋਣ ਦੀ ਸੰਭਾਵਨਾ ਹੈ।

## ਕੰਜ਼ਰਵੇਟਿਵ ਪਾਰਟੀ ਵਿੱਚ ਸ਼ਾਮਲ ਹੋ ਸਕਦੇ ਹਨ ਹਾਊਸਫਾਦਰ !

ਓਟਵਾ, 20 ਮਾਰਚ (ਪੋਸਟ ਬਿਊਰੋ) : ਐਨਡੀਪੀ ਵੱਲੋਂ ਫਲਸਤੀਨ ਨੂੰ ਵੱਖਰੇ ਦੇਸ਼ ਵਜੋਂ ਮਾਨਤਾ ਦੇਣ ਲਈ ਲਿਆਂਦੇ ਮਤੇ ਦੇ ਪਾਸ ਹੋਣ ਮਗਰੋਂ ਲਿਬਰਲ ਐਮਪੀ ਐਂਥਨੀ ਹਾਊਸਫਾਦਰ ਨੇ ਖਫਾ ਹੁੰਦਿਆਂ ਆਖਿਆ ਕਿ ਉਹ ਲਿਬਰਲ ਕਾਕਸ ਵਿੱਚ ਆਪਣੀ ਥਾਂ ਦਾ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕੰਜ਼ਰਵੇਟਿਵ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਵੀ ਇਨਕਾਰ ਨਹੀਂ ਕੀਤਾ।



ਇੱਕ ਇੰਟਰਵਿਊ ਵਿੱਚ ਹਾਊਸਫਾਦਰ ਨੇ ਆਖਿਆ ਕਿ ਉਹ ਪਤਾ ਲਾਉਣਾ ਚਾਹੁੰਦੇ ਹਨ ਕਿ ਉਨ੍ਹਾਂ ਦੀ ਥਾਂ ਕਿੱਥੇ ਹੈ। ਹਾਊਸਫਾਦਰ ਨੇ ਆਖਿਆ ਕਿ ਉਨ੍ਹਾਂ ਅਜੇ ਕੰਜ਼ਰਵੇਟਿਵ ਪਾਰਟੀ ਵਿੱਚ ਸ਼ਾਮਲ ਹੋਣ ਲਈ ਸਿੱਧੇ ਤੌਰ ਉੱਤੇ ਕਿਸੇ ਨਾਲ ਗੱਲ ਨਹੀਂ ਕੀਤੀ ਪਰ ਉਨ੍ਹਾਂ ਦੇ ਕਈ ਕੰਜ਼ਰਵੇਟਿਵ ਦੋਸਤ ਤੇ ਕੁਲੀਗਜ਼ ਹਨ। ਸੋਮਵਾਰ ਰਾਤ ਨੂੰ ਐਨਡੀਪੀ ਵੱਲੋਂ ਲਿਆਂਦੇ ਤੇ ਲਿਬਰਲਾਂ ਵੱਲੋਂ ਸੋਧੇ ਗਏ ਮਤੇ ਖਿਲਾਫ ਵੋਟ ਪਾਉਣ ਵਾਲੇ ਤਿੰਨ ਲਿਬਰਲ ਐਮਪੀਜ਼ ਵਿੱਚੋਂ ਇੱਕ ਹਾਊਸਫਾਦਰ ਵੀ ਸਨ।

ਹਾਊਸਫਾਦਰ ਨੇ ਆਖਿਆ ਕਿ ਮਤੇ ਵਿੱਚ ਸੋਧ ਹੋਣ ਦੇ ਬਾਵਜੂਦ ਉਨ੍ਹਾਂ ਦੀ ਪਾਰਟੀ ਵੱਲੋਂ ਮਤੇ ਦਾ ਸਮਰਥਨ ਕਰਨ ਕਾਰਨ ਉਹ ਖੁਦ ਨੂੰ ਬਹੁਤ ਅਲੱਗ ਥਲੱਗ ਮਹਿਸੂਸ ਕਰ ਰਹੇ ਹਨ। ਇਸ ਸੱਭ ਕਾਸੇ ਦੇ ਬਾਵਜੂਦ ਹਾਊਸਫਾਦਰ, ਜੋ ਕਿ ਟੀਨੇਜ ਤੋਂ ਹੀ ਲਿਬਰਲ ਪਾਰਟੀ ਨਾਲ ਜੁੜੇ ਹੋਏ ਹਨ, ਨੇ ਆਖਿਆ ਕਿ ਉਹ ਕੋਈ ਵੀ ਫੈਸਲਾ ਤੈਸ਼ ਵਿੱਚ ਆ ਕੇ ਨਹੀਂ ਲੈਣਗੇ ਤੇ ਇਸੇ ਲਈ ਉਹ ਆਪਣਾ ਪੂਰਾ ਸਮਾਂ ਸੋਚ ਵਿਚਾਰ ਕਰਨ ਉੱਤੇ ਲਗਾ ਰਹੇ ਹਨ ਕਿ ਆਉਣ ਵਾਲੇ ਦਿਨਾਂ ਵਿੱਚ ਉਹ ਕੀ ਕਰਨਾ ਚਾਹੁੰਦੇ ਹਨ।

## ਗਾਜ਼ਾ ਦੇ ਸਭ ਤੋਂ ਵੱਡੇ ਹਸਪਤਾਲ ਨੇੜੇ ਬੰਬਾਰੀ, 50 ਲੜਾਕਿਆਂ ਦੇ ਮਾਰੇ ਜਾਣ ਦਾ ਸ਼ੱਕ

ਗਾਜ਼ਾ, 20 ਮਾਰਚ (ਪੋਸਟ ਬਿਊਰੋ): ਇਜ਼ਰਾਈਲ ਗਾਜ਼ਾ 'ਤੇ ਜ਼ੋਰਦਾਰ ਹਮਲੇ ਕਰ ਰਿਹਾ ਹੈ। ਜੰਗ ਨੇ ਖਤਰਨਾਕ ਮੋੜ ਲੈ ਲਿਆ ਹੈ। ਗਾਜ਼ਾ 'ਚ ਭਿਆਨਕ ਲੜਾਈ ਦੌਰਾਨ ਵੱਡੀ ਗਿਣਤੀ 'ਚ ਹਮਾਸ ਲੜਾਕਿਆਂ ਦੇ ਮਾਰੇ ਜਾਣ ਦੀ ਖਬਰ ਹੈ। ਜਾਣਕਾਰੀ ਮੁਤਾਬਕ ਗਾਜ਼ਾ 'ਚ ਇਜ਼ਰਾਇਲ-ਹਮਾਸ ਜੰਗ ਦੇ ਸਭ ਤੋਂ ਵੱਡੇ ਹਸਪਤਾਲ ਨੇੜੇ ਭਿਆਨਕ ਲੜਾਈ ਚੱਲ ਰਹੀ ਹੈ। ਇਜ਼ਰਾਇਲੀ ਹਮਲਿਆਂ 'ਚ ਹਮਾਸ ਦੇ 50 ਲੜਾਕਿਆਂ ਦੇ ਮਾਰੇ ਜਾਣ ਦੀ ਖਬਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਜ਼ਰਾਈਲੀ ਫ਼ੌਜ ਮੰਗਲਵਾਰ



ਨੂੰ ਦੂਜੇ ਦਿਨ ਵੀ ਗਾਜ਼ਾ ਦੇ ਸਭ ਤੋਂ ਵੱਡੇ ਹਸਪਤਾਲ ਵਿੱਚ ਦਾਖ਼ਲ ਹੋ ਗਈ ਅਤੇ ਹਸਪਤਾਲ ਅਤੇ ਆਸਪਾਸ ਦੇ ਇਲਾਕਿਆਂ ਵਿੱਚੋਂ ਧਮਾਕਿਆਂ ਅਤੇ ਗੋਲੀਬਾਰੀ ਦੀਆਂ ਆਵਾਜ਼ਾਂ ਸੁਣਾਈ ਦਿੰਦੀਆਂ ਰਹੀਆਂ।

ਹਸਪਤਾਲ ਦੇ ਨੇੜੇ ਰਹਿਣ ਵਾਲੇ ਐਮੀ ਸ਼ਾਹੀਨ ਨੇ ਦੱਸਿਆ ਕਿ ਇਸ ਸਮੇਂ ਸਥਿਤੀ ਬਹੁਤ ਖਰਾਬ ਹੈ ਅਤੇ ਸ਼ਿਫਾ ਇਲਾਕੇ 'ਚ ਭਾਰੀ ਬੰਬਾਰੀ ਹੋ ਰਹੀ ਹੈ। ਇਮਾਰਤਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਟੈਂਕਾਂ ਅਤੇ ਤੋਪਾਂ ਤੋਂ ਗੋਲੀਬਾਰੀ ਦੀਆਂ ਆਵਾਜ਼ਾਂ ਲਗਾਤਾਰ ਆ ਰਹੀਆਂ ਹਨ। ਸ਼ਾਹੀਨ ਨੇ ਦੱਸਿਆ ਕਿ ਹਸਪਤਾਲ ਦੇ ਨੇੜੇ ਕੁਝ ਘੰਟਿਆਂ ਤੱਕ ਭਿਆਨਕ ਅੱਗ ਲੱਗੀ ਰਹੀ।

## ਵੱਖ ਵੱਖ ਥਾਂਵਾਂ ਉੱਤੇ ਮਾਰੇ ਗਏ ਛਾਪੇ ਦੌਰਾਨ 4 ਵਿਅਕਤੀਆਂ ਨੂੰ ਕੀਤਾ ਗਿਆ ਚਾਰਜ, ਨਸ਼ੇ ਤੇ ਹਥਿਆਰ ਬਰਾਮਦ

ਟੋਰਾਂਟੋ, 20 ਮਾਰਚ (ਪੋਸਟ ਬਿਊਰੋ) : ਯੌਰਕ ਰੀਜਨ ਵਿੱਚ ਪੁਲਿਸ ਵੱਲੋਂ ਚਾਰ ਵਿਅਕਤੀਆਂ ਨੂੰ ਚਾਰਜ ਕੀਤਾ ਗਿਆ ਹੈ। ਉਨ੍ਹਾਂ ਕੋਲੋਂ ਕਥਿਤ ਤੌਰ ਉੱਤੇ 40 ਕਿੱਲੋਗ੍ਰਾਮ ਦੇ ਗੈਰਕਾਨੂੰਨੀ ਨਸ਼ੇ ਤੇ ਹਥਿਆਰਾਂ ਦੇ ਨਾਲ ਨਾਲ ਹੋਰ ਗੋਲੀ ਸਿੱਕਾ ਵੀ ਬਰਾਮਦ ਕੀਤਾ ਗਿਆ ਹੈ। ਗ੍ਰੇਟਰ ਟੋਰਾਂਟੋ ਏਰੀਆ ਵਿੱਚ ਕਈ ਥਾਂਵਾਂ ਉੱਤੇ ਰੇਡ ਕਰਕੇ ਇਨ੍ਹਾਂ ਵਿਅਕਤੀਆਂ ਕੋਲੋਂ ਇਹ ਸਾਰਾ ਸਮਾਨ ਬਰਾਮਦ ਕੀਤਾ ਗਿਆ।



ਯੌਰਕ ਰੀਜਨਲ ਪੁਲਿਸ ਦੀ ਅਗਵਾਈ ਵਾਲੀ ਗੰਨਜ਼, ਗੈਂਗਜ਼ ਤੇ ਡਰੱਗ ਐਨਫੋਰਸਮੈਂਟ ਯੂਨਿਟ ਵੱਲੋਂ ਸ਼ੱਕੀ ਡਰੱਗ ਸਮਗਲਰਜ਼ ਦੇ ਸੰਗਠਿਤ ਗਰੁੱਪ ਨੂੰ ਕਾਬੂ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਜਨਵਰੀ ਤੋਂ ਮਾਰਚ ਤੱਕ ਚੱਲੀ। ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਦੋ ਕਿੱਲੋਗ੍ਰਾਮ ਕੋਕੀਨ, 34 ਕਿੱਲੋਗ੍ਰਾਮ ਮੈਰੀਯੁਆਨਾ, 263 ਗ੍ਰਾਮ ਐਮਡੀਐਮਏ, 900 ਮਿਲੀਮੀਟਰ ਕੋਡੀਨ ਦੇ ਨਾਲ ਨਾਲ ਦੋ ਭਰੀਆਂ ਹੋਈਆਂ ਹੈਂਡਗੰਨਜ਼ ਤੇ ਹੋਰ ਗੋਲੀ ਸਿੱਕਾ ਮਿਲਿਆ ਹੈ। ਇਨ੍ਹਾਂ ਤੋਂ ਇਲਾਵਾ ਦੋ ਕੰਡਕਟਿਡ ਐਨਰਜੀ ਹਥਿਆਰ ਤੇ ਬ੍ਰਾਸ ਦੇ ਨੱਕਲਜ਼ ਵੀ ਬਰਾਮਦ ਹੋਏ ਹਨ।

ਟੋਰਾਂਟੋ, ਯੌਰਕ ਤੇ ਦਰਹਾਮ ਰੀਜਨਜ਼ ਦੇ ਪੰਜ ਘਰਾਂ ਦੀ ਤਲਾਸ਼ੀ ਲਏ ਜਾਣ ਤੋਂ ਬਾਅਦ ਪੁਲਿਸ ਵੱਲੋਂ ਟੋਰਾਂਟੋ ਦੇ 22 ਸਾਲਾ ਜੈਕ ਹੋਲਮਨ, 27 ਸਾਲਾ ਅਲੈਗਜ਼ੈਂਡਰ ਖੱਟੜਾ, ਵ੍ਹਿਟਬੀ ਦੇ 28 ਸਾਲਾ ਰਾਗਵਨ ਰਵੀਨਥਿਰਨ ਤੇ ਰਿਚਮੰਡ ਹਿੱਲ ਦੇ 18 ਸਾਲਾ ਨੋਆਹ ਬਜ਼ੋ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਮਾਮਲੇ ਦੀ ਜਾਂਚ ਅਜੇ ਵੀ ਚੱਲ ਰਹੀ ਹੈ।

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
• CPAP ਮਸ਼ੀਨ, ਮਾਸਕ ਅਤੇ ਸਪਲਾਈ
• ਮੁਫ਼ਤ ਸਲਾਹ
• ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ ਮੁਫ਼ਤ
• ਓਨਟਾਰੀਓ ਵਰਕਸ ਲਈ ਮੁਫ਼ਤ
• ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

KELLEY LAW OFFICE
Immigration | Real Estate
Family Law | Business Closing
Corporate | Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc.
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਚੋਣ ਕਮਿਸ਼ਨ ਦੇ ਹੱਥੀਂ ਜਦ ਵਾਗ ਆਈ,
ਲੱਗੇ ਬੋਰਡ ਜਾਂ ਪੋਸਟਰ ਨੇ ਲਹਿਣ ਬੇਲੀ।
ਜ਼ਾਬਤਾ ਚੋਣਾਂ ਦਾ ਹੁੰਦਾ ਹੈ ਸਖਤ ਕਹਿੰਦੇ,
ਜਿਹੜਾ ਰੋਕ ਸਕਦਾ ਵਗਦੇ ਵਹਿਣ ਬੇਲੀ।
ਸਰਕਾਰੀ ਥਾਂਵਾਂ ਵੀ ਸਕੂ ਨਾ ਵਰਤ ਕੋਈ,
ਵਰਤੇਗਾ ਕੋਈ ਤਾਂ ਹੋਊ ਨਾ ਸਹਿਣ ਬੇਲੀ।
ਲਿਖੇ ਪਏ ਨਿਯਮ ਕਿਤਾਬਾਂ ਦੇ ਵਿੱਚ ਜਿੰਨੇ,
ਢੱਕੇ-ਛਿਪੇ ਜਿਹੇ ਲੱਗੇ ਨਹੀਂ ਰਹਿਣ ਬੇਲੀ।
ਨਿਯਮ ਇਹ ਚੋਣਾਂ ਦੇ ਦੌਰ ਲਈ ਨਹੀ ਹੁੰਦੇ,
ਇਹੀਅਸੂਲ ਆ ਜੀਵਨ ਲਈ ਆਮ ਬੇਲੀ।
ਕਰਦਾ ਇਨ੍ਹਾਂ ਦੀ ਚਿੰਤਾ ਨਹੀਂ ਕੋਈ ਆਗੂ,
ਤੋੜਨ ਪਏ ਆਗੂ ਹੀ ਨਿਯਮ ਤਮਾਮ ਬੇਲੀ।

**ਤੀਸ ਮਾਰ ਖਾਂ**

## ਵਿਜੀਲੈਂਸ ਬਿਊਰੋ ਵੱਲੋਂ 20 ਹਜ਼ਾਰ ਰਿਸ਼ਵਤ ਲੈਂਦਾ ਐੱਸ.ਡੀ.ਐੱਮ. ਦਫ਼ਤਰ ਦਾ ਬਿੱਲ ਕਲਰਕ ਗ੍ਰਿਫਤਾਰ

ਚੰਡੀਗੜ, 20 ਮਾਰਚ (ਗਿਆਨ ਸਿੰਘ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਬੁੱਧਵਾਰ ਨੂੰ ਐਸ.ਡੀ.ਐਮ ਦਫਤਰ ਮੋਹਾਲੀ ਵਿਖੇ ਤਾਇਨਾਤ ਬਿਲ ਕਲਰਕ ਨਰਿੰਦਰ ਕੁਮਾਰ ਨੂੰ 20,000 ਰੁਪਏ ਰਿਸ਼ਵਤ ਲੈਂਦਾ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਬੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਯਾਦਵਿੰਦਰ ਸਿੰਘ ਵਾਸੀ ਪਿੰਡ ਲਾਂਡਰਾਂ, ਜ਼ਿਲ੍ਹਾ ਐੱਸ.ਏ.ਐੱਸ. ਨਗਰ ਦੀ ਸ਼ਿਕਾਇਤ ’ਤੇ ਗ੍ਰਿਫਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਕਤ ਮੁਲਜ਼ਮ ਸ਼ਿਕਾਇਤ ਕਰਤਾ ਤੋਂ ਉਸਦੇ ਸਹੁਰੇ ਕੇਸਰ ਸਿੰਘ, ਵਾਸੀ ਪਿੰਡ ਚਾਚੂ ਮਾਜਰਾ, ਐਸ.ਏ.ਐਸ. ਨਗਰ, ਦੇ ਜ਼ਮੀਨੀ ਸਮਝੌਤੇ ਮੁਕੱਦਮੇ ਦੀ ਅਦਾਲਤੀ ਫੀਸ ਦੀ ਵਾਪਸੀ ਨਾਲ ਸਬੰਧਤ 4,09,390 ਰੁਪਏ ਦੇ ਦੋ ਬਿਲਾਂ ਦੀ ਕਲੀਅਰੈਂਸ ਬਦਲੇ 40,000 ਰੁਪਏ ਰਿਸ਼ਵਤ ਦੀ ਮੰਗ ਕਰ ਰਿਹਾ ਹੈ। ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਦੋਸ਼ੀ ਪਹਿਲਾਂ ਹੀ 20,000 ਰੁਪਏ ਲੈ ਚੁੱਕਾ ਹੈ ਅਤੇ ਰਿਸ਼ਵਤ ਦੀ ਬਕਾਇਆ ਰਕਮ ਦੀ ਮੰਗ ਕਰ ਰਿਹਾ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਉਕਤ ਦੋਸ਼ੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਥਾਣਾ ਵਿਜੀਲੈਂਸ ਸਕੂਐਡ-1, ਮੋਹਾਲੀ, ਪੰਜਾਬ ਵਿਖੇ ਕੇਸ ਦਰਜ ਕੀਤਾ ਗਿਆ ਹੈ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

# ਪ੍ਰਧਾਨ ਮੰਤਰੀ ਮੋਦੀ ਰੂਸੀ ਰਾਸ਼ਟਰਪਤੀ ਨੂੰ ਚੋਣਾਂ ਜਿੱਤਣ ’ਤੇ ਦਿੱਤੀ ਵਧਾਈ

## ਯੂਕਰੇਨ ਦੇ ਰਾਸ਼ਟਰਪਤੀ ਜ਼ੇਲੇਨਸਕੀ ਨੂੰ ਵੀ ਕੀਤਾ ਫ਼ੋਨ




ਨਵੀਂ ਦਿੱਲੀ, 20 ਮਾਰਚ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੂੰ ਫੋਨ ਕਰਕੇ ਚੋਣਾਂ ਜਿੱਤਣ 'ਤੇ ਵਧਾਈ ਦਿੱਤੀ। ਇਸ ਦੌਰਾਨ ਦੋਹਾਂ ਨੇਤਾਵਾਂ ਨੇ ਰੂਸ-ਯੂਕਰੇਨ ਯੁੱਧ 'ਤੇ ਚਰਚਾ ਕੀਤੀ। ਜੰਗ 'ਤੇ ਭਾਰਤ ਦੇ ਸਟੈਂਡ ਨੂੰ ਦੁਹਰਾਉਂਦੇ ਹੋਏ ਪੀਐੱਮ ਮੋਦੀ ਨੇ ਕਿਹਾ ਕਿ ਇਸ ਮੁੱਦੇ ਨੂੰ ਕੂਟਨੀਤੀ ਅਤੇ ਗੱਲਬਾਤ ਰਾਹੀਂ ਹੱਲ ਕੀਤਾ ਜਾਣਾ ਚਾਹੀਦਾ ਹੈ।

ਇਸ ਤੋਂ ਕੁਝ ਘੰਟਿਆਂ ਬਾਅਦ ਹੀ ਪੀਐੱਮ ਮੋਦੀ ਨੇ ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਨਸਕੀ ਨੂੰ ਵੀ ਫ਼ੋਨ ਕੀਤਾ। ਉਨ੍ਹਾਂ ਯੂਕਰੇਨ ਦੇ ਰਾਸ਼ਟਰਪਤੀ ਨੂੰ ਗੱਲਬਾਤ ਰਾਹੀਂ ਜੰਗ ਦਾ ਹੱਲ ਲੱਭਣ ਲਈ ਵੀ ਕਿਹਾ।

ਫੋਨ ਕਾਲ ਤੋਂ ਬਾਅਦ ਪੀਐੱਮ ਮੋਦੀ ਨੇ ਸੋਸ਼ਲ ਮੀਡੀਆ 'ਤੇ ਪੋਸਟ ਕੀਤਾ ਅਤੇ ਕਿਹਾ ਕਿ ਭਾਰਤ-ਯੂਕਰੇਨ ਸਾਂਝੇਦਾਰੀ ਨੂੰ ਮਜ਼ਬੂਤ ਕਰਨ 'ਤੇ ਰਾਸ਼ਟਰਪਤੀ ਜ਼ੇਲੇਂਸਕੀ ਨਾਲ ਚੰਗੀ ਚਰਚਾ ਹੋਈ। ਭਾਰਤ ਨੇ ਹਮੇਸ਼ਾ ਸ਼ਾਂਤੀ ਅਤੇ ਜੰਗ ਦੇ ਛੇਤੀ ਅੰਤ ਦਾ ਸਮਰਥਨ ਕੀਤਾ ਹੈ। ਅਸੀਂ ਹਮੇਸ਼ਾ ਮਾਨਵਤਾਵਾਦੀ ਸਹਾਇਤਾ ਜਾਰੀ ਰੱਖਾਂਗੇ।

ਇਸ ਤੋਂ ਪਹਿਲਾਂ ਪੁਤਿਨ ਨਾਲ ਗੱਲਬਾਤ ਕਰਨ ਤੋਂ ਬਾਅਦ ਪੀਐੱਮ ਮੋਦੀ ਨੇ ਕਿਹਾ ਸੀ ਕਿ ਰੂਸ ਦੇ ਰਾਸ਼ਟਰਪਤੀ ਨੂੰ ਇੱਕ ਵਾਰ ਫਿਰ ਤੋਂ ਚੋਣਾਂ ਜਿੱਤਣ 'ਤੇ ਵਧਾਈ। ਭਾਰਤ ਅਤੇ ਰੂਸ ਵਿਚਕਾਰ ਵਿਸ਼ੇਸ਼ ਦੋਸਤੀ ਅਤੇ ਰਣਨੀਤਕ ਭਾਈਵਾਲੀ ਹੈ। ਅਸੀਂ ਆਉਣ ਵਾਲੇ ਸਾਲਾਂ ਵਿਚ ਇਸਨੂੰ ਹੋਰ ਮਜ਼ਬੂਤ ਕਰਨ ਲਈ ਕੰਮ ਕਰਨਾ ਜਾਰੀ ਰੱਖਾਂਗੇ।

# 3 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਪਟਵਾਰੀ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ



ਚੰਡੀਗੜ੍ਹ, 20 ਮਾਰਚ (ਗਿਆਨ ਸਿੰਘ): ਪੰਜਾਬ ਵਿਜੀਲੈਂਸ ਬਿਊਰੋ ਨੇ ਆਪਣੀ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਦੌਰਾਨ ਮੰਗਲਵਾਰ ਨੂੰ ਮਾਲ ਹਲਕਾ ਗਿੱਦਰਾਂਵਾਲੀ, ਫਾਜ਼ਲਿਕਾ ਵਿਖੇ ਤਾਇਨਾਤ ਇੱਕ ਮਾਲ ਪਟਵਾਰੀ ਵਿਨੋਦ ਕੁਮਾਰ ਨੂੰ 3,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮਾਲ ਅਧਿਕਾਰੀ ਵਿਰੁੱਧ ਇਹ ਮਾਮਲਾ ਫਾਜ਼ਲਿਕਾ ਜ਼ਲ੍ਹਿੇ ਦੇ ਪਿੰਡ ਘੱਲੂ ਨਿਵਾਸੀ ਅਮਰੀਕ ਸਿੰਘ ਦੀ ਸ਼ਕਿਾਇਤ 'ਤੇ ਦਰਜ ਕੀਤਾ ਗਿਆ ਹੈ।

ਇਸ ਸਬੰਧੀ ਹੋਰ ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਸ਼ਕਿ-ਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਕਤ ਪਟਵਾਰੀ ਨੇ ਆਪਣੀ ਜੱਦੀ ਜ਼ਮੀਨ ਦੀ ਫਰਦ ਦੀਆਂ ਕਾਪੀਆਂ ਦੇਣ ਬਦਲੇ ਰਿਸ਼ਵਤ ਵਜੋਂ 8,000 ਰੁਪਏ ਮੰਗੇ ਹਨ। ਸ਼ਕਿਾਇਤਕਰਤਾ ਨੇ ਅੱਗੇ ਦੋਸ਼ ਲਾਇਆ ਕਿ ਉਕਤ ਪਟਵਾਰੀ ਪਹਿਲਾਂ ਹੀ 1000 ਰੁਪਏ ਲੈ ਚੁੱਕਾ ਹੈ ਅਤੇ ਰਿਸ਼ਵਤ ਦੀ ਦੂਜੀ ਕਿਸ਼ਤ ਵਜੋਂ 3000 ਰੁਪਏ ਦੀ ਮੰਗ ਕਰ ਰਿਹਾ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਕਿਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਹੈ ਜਿਸ ਤਹਿਤ ਮੁਲਜ਼ਮ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਕਿ-ਾਇਤਕਰਤਾ ਤੋਂ 3,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਉਕਤ ਮਾਲ ਅਧਿਕਾਰੀ ਖਿਲਾਫ਼ ਵਿਜੀਲੈਂਸ ਬਿਊਰੋ ਥਾਣਾ ਫਿਰੋਜ਼ਪੁਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਉਸ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਦੇ ਭਾਜਪਾ 'ਚ ਸ਼ਾਮਲ ਹੋਣ ’ਤੇ ਭਾਜਪਾ ਪ੍ਰਧਾਨ ਜੇਪੀ ਨੱਡਾ, ਵਿਦੇਸ਼ ਮੰਤਰੀ ਡਾ. ਜੈਸ਼ੰਕਰ ਨੂੰ ਮਿਲੇ



ਨਵੀਂ ਦਿਲੀ, 20 ਮਾਰਚ (ਪੋਸਟ ਬਿਊਰੋ): ਭਾਰਤੀ ਜਨਤਾ ਪਾਰਟੀ ਵਿਚ ਸ਼ਾਮਿਲ ਹੋਣ ’ਤੇ ਅਮਰੀਕਾ 'ਚ ਭਾਰਤ ਦੇ ਸਾਬਕਾ ਰਾਜਦੂਤ ਸਰਦਾਰ ਤਰਨਜੀਤ ਸਿੰਘ ਸੰਧੂ ਨੂੰ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਜੇਪੀ ਨੱਡਾ, ਭਾਰਤ ਦੇ ਵਿਦੇਸ਼ ਮੰਤਰੀ ਡਾ. ਜੈਸ਼ੰਕਰ ਅਤੇ ਸਿੱਖਿਆ ਤੇ ਹੁਨਰ ਵਿਕਾਸ ਅਤੇ ਉਦਮਤਾ ਮੰਤਰੀ ਧਰਮਿੰਦਰ ਪ੍ਰਧਾਨ ਨੇ ਸ਼ੁੱਭਕਾਮਨਾਵਾਂ ਦਿੱਤੀਆਂ ਹਨ। ਭਾਜਪਾ ਪ੍ਰਧਾਨ ਜੇ ਪੀ ਨੱਡਾ ਨੇ ਪਾਰਟੀ ’ਚ ਆਉਣ ’ਤੇ ਸਰਦਾਰ ਸੰਧੂ ਦਾ ਆਪਣੇ ਗ੍ਰਹਿ ਵਿਖੇ ਸਨਮਾਨਿਤ ਕਰਦਿਆਂ ਕਿਹਾ ਕਿ ਪਾਰਟੀ ਉਨ੍ਹਾਂ ਦੀ ਲਿਆਕਤ ਦਾ ਪੂਰਾ ਲਾਹਾ ਲਵੇਗੀ। ਉਨ੍ਹਾਂ ਸਰਦਾਰ ਸੰਧੂ ਤੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਵਿਕਾਸ ਮੁਖੀ ਯੋਜਨਾਵਾਂ ਨੂੰ ਲਾਗੂ ਕਰਨ ਅਤੇ ਪਾਰਟੀ ਦੀਆਂ ਨੀਤੀਆਂ ਰਾਹੀਂ ਪੰਜਾਬ ਨੂੰ ਨਵੀਂ ਦਸ਼ਾ ਪ੍ਰਦਾਨ ਕਰਨ ਦੀ ਆਸ ਕੀਤੀ। ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ ਨੇ ਮੇਲ ਮਿਲਾਪ ਤੋਂ ਬਾਅਦ ਸਰਦਾਰ ਸੰਧੂ ਬਾਰੇ ਟਵੀਟ ਕਰਦਿਆਂ ਕਿਹਾ ਕਿ ਬੀਜੇਪੀ ਵਿੱਚ ਤੁਹਾਡਾ ਸੁਆਗਤ ਹੈ, ਉਨ੍ਹਾਂ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਸਾਡਾ ਨਜ਼ਦੀਕੀ ਸਹਿਯੋਗੀ ਅੰਬੈਸਡਰ ਤਰਨਜੀਤ ਸਿੰਘ ਸੰਧੂ ਨੇ ਮੈਨੂੰ ਪੂਰਾ ਭਰੋਸਾ ਦਿੱਤਾ ਹੈ ਕਿ ਉਹ ਦੇਸ਼ ਦੇ ਵਿਕਾਸ ਅਤੇ ਤਰੱਕੀ ਵਿੱਚ ਯੋਗਦਾਨ ਦਿੰਦੇ ਰਹਿਣਗੇ। ਇਸੇ ਤਰਾਂ ਸਿੱਖਿਆ ਅਤੇ ਹੁਨਰ ਵਿਕਾਸ ਮੰਤਰੀ ਸ਼੍ਰੀ ਧਰਮਿੰਦਰ ਪ੍ਰਧਾਨ ਨੇ ਖਾਣੇ ਦੀ ਮੇਜ਼ਬਾਨੀ ਕਰਦਿਆਂ ਭਾਜਪਾ ’ਚ ਸ਼ਾਮਿਲ ਹੋਏ ਸਾਬਕਾ ਡਿਪਲੋਮੈਟ ਤਰਨਜੀਤ ਸਿੰਘ ਸੰਧੂ ਵੱਲੋਂ ਪਖਾਲਾਦਿਬਾਸਾ ਮਨਾਉਣ ਲਈ ਦੁਪਹਿਰ ਦੇ ਖਾਣੇ ਵਿੱਚ ਉਨ੍ਹਾਂ ਨਾਲ ਮੌਜੂਦ ਰਹਿਣ ਲਈ ਖ਼ੁਸ਼ੀ ਦਾ ਇਜ਼ਹਾਰ ਕੀਤਾ। ਉਨ੍ਹਾਂ ਕਿਹਾ ਕਿ ਮਹਾ ਪ੍ਰਭੂ ਜਗਨਨਾਥ ਦੇ ਮਨਪਸੰਦ ਭੋਜਨਾਂ ਵਿਚੋਂ ਇੱਕ, ਪਖਾਲਾ ਕੇਵਲ ਇੱਕ ਭੋਜਨ ਨਹੀਂ ਹੈ ਬਲਕਿ ਓਡੀਸ਼ਾ ਦੀ ਸਭਿਆਚਾਰਕ ਪਛਾਣ ਅਤੇ ਰਸੋਈ ਵਿਰਾਸਤ ਦਾ ਇੱਕ ਅਨਿੱਖੜਵਾਂ ਅੰਗ ਹੈ। ਉਨ੍ਹਾਂ ਕਿਹਾ ਕਿ ਦੋਸਤਾਂ ਅਤੇ ਪਰਿਵਾਰ ਨਾਲ ਪਖਾਲੇ ਦਾ ਸੇਵਨ ਕਰਨ ਨਾਲ ਖ਼ੁਸ਼ੀ ਦੁੱਗਣੀ ਹੋ ਜਾਂਦੀ ਹੈ।

ਸਾਬਕਾ ਡਿਪਲੋਮੈਟ ਤਰਨਜੀਤ ਸਿੰਘ ਸੰਧੂ ਦੇ ਭਾਜਪਾ ਵਿਚ ਸ਼ਾਮਿਲ ਹੋਣ ’ਤੇ ਪੰਜਾਬ ਭਾਜਪਾ ਦੇ ਇੰਚਾਰਜ ਵਿਜੈ ਰੁਪਾਨੀ, ਭਾਜਪਾ ਦੇ ਕੇਂਦਰੀ ਸਕੱਤਰ ਤੇ ਸਹਿ ਇੰਚਾਰਜ ਡਾ. ਨਰਿੰਦਰ ਸਿੰਘ ਰੈਣਾ, ਪੰਜਾਬ ਭਾਜਪਾ ਪ੍ਰਧਾਨ ਸੁਨੀਲ ਕੁਮਾਰ ਜਾਖੜ, ਪੰਜਾਬ ਭਾਜਪਾ ਦੇ ਸੰਗਠਨ ਮੰਤਰੀ ਮੰਥਰੀ ਨਿਵਾ-ਸੁਲੂ, ਭਾਜਪਾ ਓ.ਬੀ.ਸੀ ਮੋਰਚਾ ਦੇ ਪ੍ਰਧਾਨ ਬੋਨੀ ਅਮਰਪਾਲ ਸਿੰਘ ਅਜਨਾਲਾ, ਜ਼ਿਲ੍ਹਾ ਸ਼ਹਿਰੀ ਪ੍ਰਧਾਨ ਹਰਵਿੰਦਰ ਸਿੰਘ ਸੰਧੂ, ਗੁਰਪ੍ਰਤਾਪ ਸਿੰਘ ਟਿੱਕਾ ਸਮੇਤ ਸਥਾਨਿਕ ਲੀਡਰਸ਼ਿਪ ਨੇ ਵੀ ਸਵਾਗਤ ਕੀਤਾ ਅਤੇ ਵਧਾਈ ਦਿੱਤੀ ਹੈ।

## ਵਿਸ਼ਵ ਓਰਲ ਹੈਲਥ ਦਿਵਸ ਸਬੰਧੀਸਿਹਤ ਵਿਭਾਗ ਵੱਲੋਂ ਬਿਰਧ ਆਸ਼ਰਮ ਸ਼੍ਰੀ ਮੁਕਤਸਰ ਸਾਹਿਬ ਵਿਖੇ ਕੀਤਾ ਸਮਾਗਮ



ਸ਼੍ਰੀ ਮੁਕਤਸਰ ਸਾਹਿਬ, 20 ਮਾਰਚ (ਪੋਸਟ ਬਿਊਰੋ): ਸਿਹਤ ਵਿਭਾਗ ਵੱਲੋਂ ਡਾ. ਨਵਜੋਤ ਕੌਰ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਦੀ ਯੋਗ ਅਗਵਾਈ ਵਿੱਚ ਅਤੇ ਡਾ. ਕੁਲਤਾਰ ਸਿੰਘ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਦੀ ਪ੍ਰਧਾਨਗੀ ਹੇਠ ਬਿਰਧ ਆਸ਼ਰਮ ਸ਼੍ਰੀ ਮੁਕਤਸਰ ਸਾਹਿਬ ਵਿਖੇ ਵਿਸ਼ਵ ਓਰਲ ਹੈਲਥ ਦਿਵਸ ਸਬੰਧੀ ਸਮਾਗਮ ਕੀਤਾ ਗਿਆ ਅਤੇ ਕੈਂਪ ਲਗਾ ਕੇ ਬਜ਼ੁਰਗਾਂ ਦੇ ਦੰਦਾਂ ਦੀ ਜਾਂਚ ਕਰਕੇ ਮੁਫਤ ਇਲਾਜ ਕੀਤਾ ਗਿਆ।

ਇਸ ਮੌਕੇ ਡਾ. ਕੁਲਤਾਰ ਸਿੰਘ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਨੇ ਦੱਸਿਆ ਕਿ ਹਰ ਸਾਲ 20 ਮਾਰਚ ਨੂੰ ਵਿਸ਼ਵ ਓਰਲ ਹੈਲਥ ਦਿਵਸ ਮਨਾਇਆ ਜਾਂਦਾ ਹੈ ਜਿਸ ਦਾ ਮਕਸਦ ਲੋਕਾਂ ਨੂੰ ਆਪਣੇ ਦੰਦਾਂ ਦੀ ਅਤੇ ਮੂੰਹ ਦੀ ਸਫਾਈ ਅਤੇ ਦੇਖਭਾਲ ਕਰਨ ਲਈ ਜਾਗਰੂਕ ਕਰਨਾ ਹੈ।

ਉਨ੍ਹਾਂ ਕਿਹਾ ਕਿ ਜਿਲ੍ਹੇ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਮੂੰਹ ਅਤੇ ਦੰਦਾਂ ਦੀ ਸੰਭਾਲ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਜਿਲ੍ਹੇ ਦੀਆਂ ਸਰਕਾਰੀ ਸੰਸਥਾਵਾਂ ਵਿੱਚ ਦੰਦਾਂ ਅਤੇ ਮੂੰਹ ਦੀ ਸਫ਼ਾਈ ਸਬੰਧੀ ਚੈਕਅੱਪ ਕੈਂਪ ਲਗਾ ਕੇ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ । ਉਹਨਾਂ ਕਿਹਾ ਕਿ ਸਰੀਰ ਨੂੰ ਤੰਦਰੁਸਤ ਰੱਖਣ ਲਈ ਮੂੰਹ ਅਤੇ ਦੰਦਾਂ ਦੀ ਸੰਭਾਲ ਅਤੇ ਸਫ਼ਾਈ ਬਹੁਤ ਜਰੂਰੀ ਹੈ। ਮੂੰਹ ਅਤੇ ਦੰਦਾਂ ਦੀ ਸਫਾਈ ਨਾ ਕਰਨ ਕਾਰਣ ਦੰਦਾਂ ਅਤੇ ਪੇਟ ਨੂੰ ਕਈ ਕਿਸਮ ਦੀਆਂ ਬਿਮਾਰੀਆਂ ਲੱਗ ਜਾਂਦੀਆਂ ਹਨ। ਜਿਸ ਕਾਰਨ ਆਮ ਜੀਵਨ ਵਿੱਚ ਅਨੇਕਾਂ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਇਸ ਮੌਕੇ ਡਾ. ਯੁਗਵੀਰ ਬੱਤਰਾ ਦੰਦਾਂ ਦੇ ਰੋਗਾਂ ਦੇ ਮਾਹਿਰ ਸਿਵਲ ਹਸਪਤਾਲ ਸ਼੍ਰੀ ਮੁਕਤਸਰ ਸਾਹਿਬ ਨੇ ਕਿਹਾ ਕਿ ਸਭ ਨੂੰ ਇੱਕ ਦਿਨ ਵਿੱਚ ਦੋ ਵਾਰ ਰਾਤ ਨੂੰ ਖਾਣਾ ਖਾਣ ਤੋਂ ਬਾਅਦ ਅਤੇ ਸਵੇਰੇ ਨਾਸ਼ਤੇ ਤੋਂ ਬਾਅਦ ਬ੍ਰਸ਼ ਜਰੂਰ ਕਰਨਾ ਚਾਹੀਦਾ ਹੈ ।ਉਨ੍ਹਾ ਸਹੀ ਬ੍ਰਸ਼ ਕਰਨ ਦੇ ਤਰੀਕੇ ਦਸਦੇ ਹੋਏ ਕਿਹਾ ਕਿ ਟੂਥ ਬਰੁੱਸ਼ ਨੂੰ ਦੰਦਾ ਦੀ ਜੜ੍ਹ ਦੇ ਬਰਾਬਰ 45 ਡਿਗਰੀ ਤੇ ਰੱਖ ਕੇ ਉਪਰਲੇ ਦੰਦਾਂ ਲਈ ਉਪਰ ਤੋਂ ਹੇਠਾਂ ਵੱਲ ਅਤੇ ਹੇਠਲੇ ਦੰਦਾਂ ਲਈ ਹੇਠਾਂ ਤੋਂ ਉਪਰ ਵੱਲ ਨੂੰ ਸਫਾਈ ਕਰਨੀ ਚਾਹੀਦੀ ਹੈ ਅਤੇ ਦੰਦਾਂ ਦੀ ਸਫਾਈ ਅੰਦਰਲੇ ਪਾਸੇ ਤੋਂ ਅਤੇ ਚਬਾਉਣ ਵਾਲੇ ਹਿੱਸੇ ਦੀ ਵੀ ਸਫਾਈ ਕਰਨੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਹਮੇਸ਼ਾ ਨਰਮ ਬ੍ਰਸ਼ ਦੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਦੰਦਾਂ ਦੇ ਨਾਲ ਨਾਲ ਜੀਭ ਦੀ ਸਫਾਈ ਵੀ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਰਾਤ ਸਮੇਂ ਸਿਹਤਮੰਦ ਭੋਜਨ ਦਾ ਸੇਵਨ ਕਰੋ, ਚਿਪਚਿਪੇ ਅਤੇ ਮਿੱਠਾ ਖਾਣ ਤੋਂ ਪ੍ਰਹੇਜ਼ ਕਰੋ, ਖਾਣਾ ਚੰਗੀ ਤਰ੍ਹਾਂ ਚਬਾ ਕੇ ਖਾਓ। ਵਿਟਾਮਿਨਾਂ ਅਤੇ ਖਣਿਜ ਪਦਾਰਥਾਂ ਭਰਪੂਰ ਭੋਜਨ ਦਾ ਸੇਵਨ ਕਰੋ ਅਤੇ ਹਰੇਕ 6 ਮਹੀਨੇ ਬਾਅਦ ਆਪਣੇ ਦੰਦਾਂ ਦੇ ਡਾਕਟਰ ਦੀ ਸਲਾਹ ਲਵੋ।

ਇਸ ਮੌਕੇ ਬਿਰਧ ਆਸ਼ਰਮ ਵਿਚ ਰਹਿ ਰਹੇ ਬਜ਼ੁਰਗਾਂ ਨੂੰ ਸਿਹਤ ਵਿਭਾਗ ਵੱਲੋਂ ਮੁਫਤ ਟੁੱਥ ਪੇਸਟ ਅਤੇ ਟੁੱਥ ਬਰੁਸ਼ ਵੀ ਵੰਡੇ ਗਏ । ਇਸ ਮੌਤੇਬਿਰਧ ਆਸ਼ਰਮ ਵਿਚ ਰਹਿ ਰਹੇ ਬਜ਼ੁਰਗਾਂ ਤੋਂ ਇਲਾਵਾ ਸੁਖਮੰਦਰ ਸਿੰਘ ਜ਼ਿਲ੍ਹਾ ਮਾਸ ਮੀਡੀਆ ਅਫਸਰ, ਲਾਲ ਚੰਦ ਜ਼ਿਲ੍ਹਾ ਸਿਹਤ ਇੰਸਪੈਕਟਰ, ਸਰਬਜੀਤ ਸਿੰਘ ਦਰਦੀ ਪ੍ਰਧਾਨ ਵਿਰਧ ਆਸ਼ਰਮ, ਬੂਟਾ ਰਾਮ ਕਮਰਾ ਐਨ.ਜੀ.ਓ ਆਦਿ ਹਾਜ਼ਰ ਸਨ।

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca



Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net


TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
Harcharan S. Grover
Chartered Accountant
GroVerCPA
Professional Corporation
214-7895 Tranmere Drive, Mississauga ON L5S 1V9



ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal
Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com




ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install
Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com




# ਐਕਟਿੰਗ ਚੀਫ਼ ਜਸਟਿਸ ਗੁਰਮੀਤ ਸਿੰਘ ਸੰਧਵਾਲੀਆ ਨੇ ਵੀਡੀਓ ਕਾਨਫਰੰਸ ਰਾਹੀਂ ਕੀਤਾ ਨਵੇਂ ਕੋਰਟ ਕੰਪਲੈਕਸ ਦਾ ਉਦਘਾਟਨ



ਨਵਾਂਸ਼ਹਿਰ, 20 ਮਾਰਚ (ਗਿਆਨ ਸਿੰਘ): ਮਾਣਯੋਗ ਜਸਟਿਸ ਗੁਰਮੀਤ ਸਿੰਘ ਸੰਧਵਾਲੀਆ ਐਕਟਿੰਗ ਚੀਫ਼ ਜਸਟਿਸ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਨੇ ਚੰਡੀਗੜ੍ਹ ਰੋਡ ਸਥਿਤ ਬਣਾਏ ਗਏ ਨਵੇਂ ਕੋਰਟ ਕੰਪਲੈਕਸ ਦੀ ਇਮਾਰਤ ਦਾ ਵੀਡੀਓ ਕਾਨਫਰੰਸ ਰਾਹੀਂ ਉਦਘਾਟਨ ਕੀਤਾ। ਇਸ ਦੌਰਾਨ ਐਡਮਿਨਸਟ੍ਰੇਟਿਵ ਜੱਜ ਸੈਸ਼ਨ ਡਵੀਜ਼ਨ ਐੱਸ.ਬੀ.ਐੱਸ. ਨਗਰ ਮਾਣਯੋਗ ਜੱਜ ਹਰਸ਼ ਬੰਗਰ ਅਤੇ ਜਿਲਾ ਤੇ ਸੈਸ਼ਨ ਜੱਜ ਕੰਵਲਜੀਤ ਸਿੰਘ ਬਾਜਵਾ ਵੀ ਮੌਜੂਦ ਸਨ।

ਉਹਨਾਂ ਨੇ ਦੱਸਿਆ ਕਿ ਕੋਰਟ ਕੰਪਲੈਕਸ ਦੇ ਵਿੱਚ ਸਾਰੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ । ਉਨ੍ਹਾਂ ਦੱਸਿਆ ਕਿ ਕੋਰਟ ਕੰਪਲੈਕਸ ਵਿਖੇ 11 ਅਦਾਲਤਾਂ, ਪਾਰਕਿੰਗ ਏਰੀਆ, ਗਰੀਨ ਪਾਰਕ, ਛੇ ਲਿਫਟਾਂ, ਪੀਣ ਵਾਲੇ ਪਾਣੀ ਦੀ ਵਿਵਸਥਾ, ਵਾਸ਼ ਰੂਮ, ਏ.ਟੀ.ਐਮ. ਅਤੇ ਡਿਸਪੈਂਸਰੀ ਤੋਂ ਇਲਾਵਾ ਹਰ ਤਰ੍ਹਾਂ ਦੀਆਂ ਸਹੂਲਤਾਂ ਉਪਲਬੱਧ ਹੋਣਗੀਆਂ। ਉਨ੍ਹਾਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਇੱਥੇ ਜੱਜਾਂ ਦੀ ਰਿਹਾਇਸ਼ ਲਈ ਰਿਹਾਇਸ਼ ਘਰ ਬਣਾਉਣ ਦਾ ਪ੍ਰਸਤਾਵ ਹੈ। ਇਸ ਸਮਾਗਮ ਦੌਰਾਨ ਵੀਡੀਓ ਕਾਨਫਰੰਸ ਰਾਹੀਂ ਮਾਣਯੋਗ ਜਸਟਿਸ ਅਰੁਣ ਪਾਲੀ ਜੱਜ ਪਿੰਜਾਬ ਐਂਡ ਹਰਿਆਣਾ ਹਾਈ ਕੋਰਟ ਚੰਡੀਗੜ੍ਹ, ਮਾਣਯੋਗ ਜਸਟਿਸ ਲੀਸਾ ਗਿੱਲ ਜੱਜ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਚੰਡੀਗੜ੍ਹ, ਮਾਨਯੋਗ ਜਸਟਿਸ ਸੁਧੀਰ ਜੱਜ ਪੰਜਾਬ ਐਂਡ ਹਰਿਆਣਾ ਹਾਈ ਕੋਰਟ, ਮਾਨਯੋਗ ਜਸਟਿਸ ਗੁਰਵਿੰਦਰ ਸਿੰਘ ਗਿੱਲ ਜੱਜ ਪੰਜਾਬ ਐਂਡ ਹਰਿਆਣਾ ਹਾਈਕੋਰਟ, ਮਾਣਯੋਗ ਜਸਟਿਸ ਹਰਸਿਮਰਨ ਸਿੰਘ ਸੇਠੀ ਜੱਜ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਚੰਡੀਗੜ੍ਹ, ਮਾਣਯੋਗ ਜਸਟਿਸ ਸੁਵੀਰ ਸਿਹਗਲ ਜੱਜ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਚੰਡੀਗੜ੍ਹ, ਮਾਣਯੋਗ ਜਸਟਿਸ ਜਸਗੁਰਪ੍ਰੀਤ ਸਿੰਘ ਪੁਰੀ ਜੱਜ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਚੰਡੀਗੜ੍ਹ, ਮਾਣਯੋਗ ਜਸਟਿਸ ਵਿਕਾਸ ਬੈਹਲ ਜੱਜ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਸ਼ਾਮਲ ਸਨ। ਇਸ ਤੋਂ ਇਲਾਵਾ ਉਦਘਾਟਨੀ ਸਮਾਰੋਹ ਵਿੱਚ ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਰੁਨੇਸ਼ ਕੁਮਾਰ, ਪ੍ਰਿੰਸੀਪਲ ਜੱਜ ਫੈਮਲੀ ਕੋਰਟ ਮਨਿਸ਼ਾ ਜੈਨ, ਸਿਵਲ ਜੱਜ (ਸੀਨੀਅਰ ਡਵੀਜ਼ਨ) ਪਰਮਿੰਦਰ ਕੌਰ, ਚੀਫ ਜੁਡੀਸ਼ੀਅਲ ਮੈਜਿਸਟਰੇਟ ਜਗਬੀਰ ਸਿੰਘ ਮੇਹੰਦਿਰੱਤਾ, ਵਧੀਕ ਸਿਵਲ ਜੱਜ (ਸੀਨੀਅਰ ਡਵੀਜ਼ਨ) ਕੋਮਪਲੇ ਧੰਜਲ, ਸਿਵਲ ਜੱਜ (ਜੂਨੀਅਰ ਡਵੀਜ਼ਨ) ਐਸ.ਬੀ.ਐਸ. ਨਗਰ ਮੋਨਿਕਾ ਚੌਹਾਨ, ਸਿਵਲ ਜੱਜ (ਜੂਨੀਅਰ ਡਵੀਜ਼ਨ) ਸਰਵੇਸ਼ ਸਿੰਘ, ਵਧੀਕ ਸਿਵਲ ਜੱਜ (ਸੀਨੀਅਰ ਡਵੀਜ਼ਨ) ਸੁਖਵਿੰਦਰ ਸਿੰਘ, ਸਿਵਲ ਜੱਜ (ਜੂਨੀਅਰ ਡਵੀਜ਼ਨ) ਬਲਾਚੌਰ ਪਪਨੀਤ ਵੀ ਮੌਜੂਦ ਸਨ।

# ਜ਼ਿਲ੍ਹਾ ਮੋਹਾਲੀ ਵਿੱਚ ਖੂਬਸੂਰਤ ਚਿੱਤਰਕਾਰੀ ਰਾਹੀ ਦਿੱਤਾ ਜਾ ਰਿਹਾ ਹੈ ਵੋਟਰ ਜਾਗਰੂਕਤਾ ਦਾ ਸੁਨੇਹਾ



ਮੋਹਾਲੀ, 20 ਮਾਰਚ (ਗਿਆਨ ਸਿੰਘ): ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਮੁਹਾਲੀ ਦੀਆਂ ਪਿਛਲੀਆਂ ਚੋਣਾਂ ਵਿਚ ਘੱਟ ਵੋਟਰ ਪ੍ਰਤੀਸ਼ਤ ਖੇਤਰਾਂ ਦੀ ਸ਼ਨਾਖ਼ਤ ਉਪਰੰਤ ਜ਼ਿਲ੍ਹਾ ਚੋਣ ਅਫਸਰ ਕਮ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਦੀ ਅਗਵਾਈ ਵਿਚ ਵੱਖ-ਵੱਖ ਤਰ੍ਹਾਂ ਦੇ ਉਪਰਾਲੇ ਕਰਕੇ ਸਵੀਪ ਗਤੀਵਿਧੀਆਂ ਰਾਹੀਂ ਵੋਟਰਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਜ਼ਿਲ੍ਹੇ ਵਿੱਚ 80 ਪ੍ਰਤੀਸ਼ਤ ਤੋਂ ਉੱਪਰ ਲੋਕ ਆਪਣੇ ਵੋਟਾਂ ਦਾ ਭੁਗਤਾਨ ਕਰਨ। ਇਸ ਲੜੀ ਤਹਿਤ ਜ਼ਿਲ੍ਹਾ ਨੋਡਲ ਅਫਸਰ ਸਵੀਪ ਪ੍ਰੋਫੈਸਰ ਗੁਰਬਖ਼ਸ਼ੀਸ ਸਿੰਘ ਅਨਟਾਲ ਵੱਲੋਂ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਤੋਂ ਵੋਟ ਦੀ ਮਹੱਤਤਾ ਨੂੰ ਦਰਸਾਉਂਦੇ ਖੂਬਸੂਰਤ ਚਿੱਤਰ ਤਿਆਰ ਕਰਵਾਏ ਜਾ ਰਹੇ ਹਨ। ਉਨ੍ਹਾਂ ਨੇ ਦੱਸਿਆਂ ਕਿ ਨੌਜਵਾਨ ਵੋਟਰ ਜ਼ਿਲ੍ਹਾ ਪੱਧਰ ਤੇ ਉਲੀਕੀਆਂ ਸਵੀਪ ਗਤੀਵਿਧੀਆਂ ਵਿੱਚ ਵੱਡੇ ਪੱਧਰ ਤੇ ਹਿੱਸਾ ਪਾ ਰਹੇ ਹਨ ਅਤੇ ਆਪਣੇ ਨਾਲ-ਨਾਲ ਹੋਰਾਂ ਲੋਕਾਂ ਨੂੰ ਵੀ ਵੋਟ ਦੀ ਮਹੱਤਤਾ ਦੱਸਦੇ ਹੋਏ ਵੋਟ ਪਾਉਣ ਦੀ ਪ੍ਰੇਰਿਤ ਕਰ ਰਹੇ ਹਨ।

ਇਸ ਲੜੀ ਤਹਿਤ ਜ਼ਿਲ੍ਹਾ ਮੋਹਾਲੀ ਦੇ ਤਿੰਨੋਂ ਵਿਧਾਨ ਸਭਾ ਹਲਕੇ ਵਿੱਚ ਵੀ ਸਵੀਪ ਟੀਮਾਂ ਦਾ ਗਠਨ ਕਰ ਦਿੱਤਾ ਗਿਆ ਹੈ ਜੋ ਵੋਟਰ ਸਾਖਰਤਾ ਕਲੱਬਾਂ, ਵੋਟਰ ਅਵੇਰਨੈਸ ਫੋਰਮ, ਐਨ.ਜੀ.ਓ., ਚੋਣ ਪਾਠਸ਼ਾਲਾ ਅਧੀਨ ਚੋਣ ਬੂਥ ਪੱਧਰ ਤੇ ਜਾ ਕੇ ਵੱਖ-ਵੱਖ ਸਵੀਪ ਗਤੀਵਿਧੀਆਂ ਲਿਖ ਰਹੇ ਹਨ ਤਾਂ ਜੋ 1 ਜੂਨ 2024 ਨੂੰ ਵੱਧ ਤੋਂ ਵੱਧ ਵੋਟਾਂ ਦਾ ਭੁਗਤਾਨ ਕਰਕੇ ਸਹਿਬਜ਼ਾਦਾ ਅਜੀਤ ਸਿੰਘ ਨਗਰ ਮੋਹਾਲੀ ਨੂੰ ਪੰਜਾਬ ਵਿੱਚ ਨੰਬਰ ਇੱਕ ਤੇ ਲਿਆਂਦਾ ਜਾ ਸਕੇ। ਹਲਕਾ ਡੇਰਾਬੱਸੀ ਵਿਖੇ ਪ੍ਰਿੰਸੀਪਲ ਰੁਮਾ ਰਾਣੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੁਬਾਰਕਪੁਰ, ਮੋਹਾਲੀ ਵਿੱਚ ਪ੍ਰੋਫੈਸਰ ਗੁਣਜੀਤ ਕੌਰ ਅਸੀਸ ਬਾਜਪਾਈ ਸਰਕਾਰੀ ਕਾਲਜ ਫੇਜ 6 ਮੋਹਾਲੀ, ਨਵਦੀਪ ਚੌਧਰੀ ਅਤੇ ਕ੍ਰਿਸ਼ਨ ਕੁਮਾਰ ਸਰਕਾਰੀ ਸਕੂਲ ਆਫ ਐਮੀਨੈਂਸ ਖਰੜ ਵੱਲੋਂ ਬਤੌਰ ਨੋਡਲ ਅਫਸਰ ਸਵੀਪ ਵਿਧਾਨ ਸਭਾ ਹਲਕਾ ਵਿੱਚ ਸਵੀਪ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਅੱਜ ਖਰੜ ਵਿਖੇ ਸਕੂਲ ਆਫ ਐਮੀਨੈਂਸ ਅਤੇ ਵਿਕਰਮ ਸਕੂਲ ਖਰੜ ਵੱਲੋਂ ਬੂਥ ਪੱਧਰ ਤੇ ਸਵੀਪ ਗਤੀਵਿਧੀਆਂ ਕਰਕੇ ਸਮੂਹ ਵੋਟਰਾਂ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ ਗਈ।

Tech Spirit

Consultation, Installation & Servicing



Specialized in:
• Analog & IP security cameras • Installation & Maintenance, Upgrade • Video Doorbell Installation

Call: 905-621-4100

7-8770 The Gore Road, Brampton, ON L6P 0B1



1080p HD ਦੇ 4 ਸਿਕਉਰਿਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

Visions of Punjab



VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com



Natasha Mahal
Co-Host
Iqbal Mahal
Producer & Host
Serving the South Asian Community Since 1976

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ



416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਡ ਫਿਕਸ



ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਆ ਜਾ ਮੇਰੇ ਪਿੰਡ ਦੀ ਨੁਹਾਰ ਵੇਖ ਲੈ

-ਸਰਵਣ ਸਿੰਘ-

'ਚਕਰ ਇੰਡੀਆ' ਵੈੱਬਸਾਈਟ 'ਤੇ ਪਈ ਇੱਕ ਵੀਡੀਓ ਦਾ ਨਾਂ ਹੈ 'ਚਕਰ ਇੱਕ ਚਿਰਾਗ'। ਸੰਤ ਬਲਬੀਰ ਸਿੰਘ ਸੀਚੇਵਾਲ ਕਹਿੰਦੇ ਹਨ, "ਚਕਰੀਆਂ ਨੇ ਸੀਵਰੇਜ ਪਾਉਣ 'ਚ ਜੋ ਉਤਸ਼ਾਹ ਦਿਖਾਇਆ ਉਹ ਆਪਣੀ ਮਿਸਾਲ ਆਪ ਹੈ। ਉਨ੍ਹਾਂ ਨੇ ਪਿੰਡ ਨੂੰ ਨਰਕ 'ਚੋਂ ਕੱਢ ਕੇ ਸੱਚਮੁੱਚ ਦਾ ਸਵਰਗ ਬਣਾ ਦਿੱਤਾ ਹੈ। ਜੇ ਕੋਈ ਆਪਣੇ ਪਿੰਡ 'ਚ ਸੀਵਰੇਜ ਪਾਉਣਾ ਤੇ ਪਿੰਡ ਨੂੰ ਸਵਰਗ ਬਣਾਉਣਾ ਚਾਹੁੰਦਾ ਹੈ ਤਾਂ ਮੇਰੀ ਪਹਿਲੀ ਸਲਾਹ ਉਨ੍ਹਾਂ ਨੂੰ ਪਿੰਡ ਚਕਰ ਦੇਖ ਕੇ ਆਉਣ ਦੀ ਹੁੰਦੀ ਹੈ।"

ਚਕਰ ਦੀ ਨਵੀਂ ਨੁਹਾਰ ਹਜ਼ਾਰਾਂ ਸੈਲਾਨੀਆਂ ਨੇ ਵੇਖੀ ਹੈ। ਕਈਆਂ ਨੇ ਚਕਰ ਦੀ ਰੀਸ ਕਰ ਕੇ ਆਪਣੇ ਪਿੰਡਾਂ ਨੂੰ ਸੱਚੀਂ ਸਵਰਗ ਬਣਾ ਲਿਆ ਹੈ। ਪੰਜਾਬ ਵਿਚ ਕਈ ਸਾਲਾਂ ਤੋਂ ਨਸ਼ਿਆਂ ਦਾ ਕਾਲਾ ਦੌਰ ਚੱਲਦਾ ਹੋਣ ਦੇ ਬਾਵਜੂਦ ਗਿਆਰਾਂ ਹਜ਼ਾਰ ਦੀ ਆਬਾਦੀ ਵਾਲਾ ਪਿੰਡ ਚਕਰ ਨਸ਼ਿਆਂ ਨਾਲ ਹੋ ਰਹੀਆਂ ਮੌਤਾਂ ਅਤੇ ਕਿਸਾਨਾਂ ਮਜਦੂਰਾਂ ਦੀਆਂ ਖੁਦਕੁਸ਼ੀਆਂ ਤੋਂ ਕਾਫੀ ਹੱਦ ਤਕ ਬਚਿਆ ਆ ਰਿਹੈ। ਇਸ ਪਿੰਡ ਵਿਚ ਇਕੋ ਗੁਰਦਵਾਰਾ ਹੈ ਜਿਥੋਂ ਹੋਰਨਾਂ ਪਿੰਡਾਂ ਵਿਚ ਵੀ ਇਕੋ ਗੁਰਦਵਾਰੇ ਦੀ ਲਹਿਰ ਚਲਾਈ ਗਈ ਹੈ।

ਡਾ. ਬਲਵੰਤ ਸਿੰਘ ਸੰਧੂ ਨੇ ਇਸ ਪਿੰਡ ਬਾਰੇ ਸਚਿੱਤਰ ਪੁਸਤਕ 'ਚਾਨਣ ਮੁਨਾਰਾ ਚਕਰ' ਲਿਖੀ ਹੈ ਜਿਸ ਦਾ ਮੁੱਖ ਬੰਦ ਹੈ, "ਸਾਥੋਂ ਅਕਸਰ ਪੁੱਛਿਆ ਜਾਂਦੈ ਕਿ ਸਾਡੇ ਪਿੰਡ ਦੀ ਕਾਇਆ ਕਲਪ ਕਿਵੇਂ ਹੋਈ? ਕਿਵੇਂ ਸਪੋਰਟਸ ਅਕੈਡਮੀ ਬਣੀ, ਕਿਵੇਂ ਹਜ਼ਾਰ ਤੋਂ ਵੱਧ ਘਰਾਂ ਦਾ ਸੀਵਰੇਜ ਪਾਇਆ, ਕਿਵੇਂ ਪਿੰਡ ਦੀਆਂ ਸੱਥਾਂ ਅਤੇ ਭਾਈਚਾਰਕ ਸਾਂਝ ਕੇਂਦਰਾਂ ਨੂੰ ਬਣਾਇਆ ਤੇ ਨਵਿਆਇਆ? ਕਿਵੇਂ ਗਲੀਆਂ ਪੱਕੀਆਂ ਤੇ ਖੁੱਲ੍ਹੀਆਂ ਕੀਤੀਆਂ ਤੇ ਕਿਵੇਂ ਹਜ਼ਾਰਾਂ ਰੁੱਖ ਬੂਟੇ ਲਾ ਕੇ ਪਿੰਡ ਨੂੰ ਹਰਿਆਵਲਾ ਬਣਾਇਆ? ਕਿਵੇਂ ਛੱਪੜਾਂ ਨੂੰ ਨਿਰਮਲ ਝੀਲਾਂ ਬਣਾ ਕੇ ਜਜ਼ੀਰੇ ਸਿਰਜੇ ਅਤੇ ਜੀਵ ਜੰਤੂਆਂ ਤੇ ਪੰਖੇਰੂਆਂ ਨੂੰ ਟਿਕਾਣੇ ਦਿੱਤੇ? ਕਿਵੇਂ ਸੀਵਰੇਜ ਦਾ ਪਾਣੀ ਟ੍ਰੀਟ ਕਰ ਕੇ ਮੁੜ ਵਰਤੋਂ ਯੋਗ ਬਣਾਇਆ? ਕਿਵੇਂ ਦੂਸ਼ਿਤ ਵਾਤਾਵਰਣ ਨੂੰ ਸੁਧ ਕੀਤਾ? ਕਿਵੇਂ ਪਿੰਡ ਵਾਸੀਆਂ ਨੂੰ ਏਕਤਾ ਦੇ ਸੂਤਰ ਵਿਚ ਪ੍ਰੋਇਆ ਅਤੇ ਉਹਨਾਂ ਰਾਹੀਂ ਅਸੰਭਵ ਜਾਪਦੇ ਕਾਰਜ ਸੰਭਵ ਕਰਵਾਏ? ਕਿਵੇਂ ਨਵੀਂ ਪੀੜ੍ਹੀ ਨੂੰ ਨਸ਼ਿਆਂ ਵੱਲੋਂ ਹੋੜਿਆ ਅਤੇ ਨਰੋਆ ਖੇਡ ਸਭਿਆਚਾਰ ਸਿਰਜਿਆ?" ਅਜਿਹੇ ਸਵਾਲਾਂ ਦੇ ਜਵਾਬ ਇਸ ਪੁਸਤਕ ਵਿਚੋਂ ਪੜ੍ਹੇ ਜਾ ਸਕਦੇ ਹਨ।

ਸਪੋਰਟਸ ਅਕੈਡਮੀ ਦੇ ਇਕ ਬੋਰਡ ਉਤੇ ਲਿਖਿਆ ਹੈ, "ਚਕਰ ਦੀ ਮਿੱਟੀ ਵਿਚ ਸਾਡੇ ਵੱਡ ਵਡੇਰਿਆਂ ਨੇ ਜਨਮ ਲਿਆ ਤੇ ਅਸੀਂ ਉਨ੍ਹਾਂ ਦੀ ਉਂਗਲ ਫੜ ਕੇ ਚੱਲਣਾ ਸਿੱਖਿਆ। ਇਸ ਮਿੱਟੀ ਨੇ ਸਾਨੂੰ ਬੋਹੜਾਂ ਦੀ ਛਾਂ ਵਰਗੇ ਮਾਪੇ ਦਿੱਤੇ, ਮਿੱਠੇ ਮੇਵਿਆਂ ਵਰਗੇ ਧੀ-ਪੁੱਤ ਤੇ ਮੋਛਿਆਂ ਵਰਗੇ ਯਾਰ ਬੇਲੀ ਦਿੱਤੇ। ਇਸ ਦੇ ਖੇਤਾਂ ਨੇ ਸਦੀਆਂ ਤੋਂ ਸਾਡਾ ਢਿੱਡ ਭਰਿਆ। ਅਸੀਂ ਭਾਗਾਂ ਵਾਲੇ ਹਾਂ ਕਿ ਚਕਰ ਨੂੰ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਰਨਾਂ ਦੀ ਛੋਹ ਪ੍ਰਾਪਤ ਹੋਈ। ਗੁਰਬਾਣੀ ਦੀ ਬਖਸ਼ੀ ਸੋਝੀ ਸਦਕਾ ਅਸੀਂ ਪੌਣ ਪਾਣੀ ਤੇ ਧਰਤ ਦੀ ਮਹੱਤਾ ਸਮਝਦਿਆਂ ਦੁਨੀਆ ਸਾਹਵੇਂ ਸਰਬਸਾਂਝੇ ਕਾਰਜਾਂ ਨਾਲ ਵਿਕਾਸ ਦੀ ਮਿਸਾਲ ਪੇਸ਼ ਕੀਤੀ। ਅਸੀਂ ਚਾਹੁੰਦੇ ਹਾਂ, ਸਾਂਝੇ ਉੱਦਮ ਨਾਲ ਜਗਾਇਆ ਸਾਡਾ ਚੌਮੁਖੀਆ ਦੀਵਾ ਲਟ ਲਟ ਬਲ਼ਦਾ ਰਹੇ ਤੇ ਇਸ ਦੀਵੇ ਦੀ ਲੋਅ ਹੋਰਨਾਂ ਪਿੰਡਾਂ ਵਿਚ ਵੀ ਚਾਨਣ ਬਖੇਰੇ।"

ਕੌਮਾਂਤਰੀ ਪ੍ਰਸਿੱਧੀ ਦੇ ਮਾਲਕ ਡਾ. ਸਰਦਾਰਾ ਸਿੰਘ ਜੌਹਲ ਨੇ ਇਸ ਪਿੰਡ ਨੂੰ ਵੇਖਦਿਆਂ ਕਿਹਾ, "ਇਹ ਮੇਰੇ ਸੁਪਨਿਆਂ ਦਾ ਪਿੰਡ ਹੈ।" ਸੰਭਲੋ ਪੰਜਾਬ ਤੇ ਜੀਵੇ ਜਵਾਨੀ ਦੇ ਲੇਖਕ ਗੁਰਪ੍ਰੀਤ ਸਿੰਘ ਤੂਰ ਨੇ ਲਿਖਿਆ, "ਪੰਜਾਬ ਨੂੰ ਅੱਗੇ ਵਧਣ ਲਈ ਜਿਸ ਤਰ੍ਹਾਂ ਦੇ ਮਾਹੌਲ ਦੀ ਲੋੜ ਹੈ ਉਹ ਪਿੰਡ ਚਕਰ ਵਿਚ ਦੇਖਿਆ ਜਾ ਸਕਦਾ ਹੈ। ਪੰਜਾਬ ਦੇ ਸਾਹਿਤਕਾਰ, ਬੁੱਧੀਜੀਵੀ ਤੇ ਚਿੰਤਕ ਜਿਸ ਤਰ੍ਹਾਂ ਦਾ ਪੰਜਾਬ ਸਿਰਜਣਾ ਚਾਹੁੰਦੇ ਹਨ ਚਕਰ ਉਹਦੀ ਜਿਊਂਦੀ ਜਾਗਦੀ ਮਿਸਾਲ ਹੈ। ਅੱਖੜ ਸੁਭਾਅ ਦਾ ਇਹ ਪਿੰਡ ਕਿਸੇ ਸਮੇਂ ਮਾਰਧਾੜ ਕਾਰਨ ਬਦਨਾਮ ਵੀ ਰਿਹਾ ਪਰ ਇਸ ਨੇ ਜੋ ਰੁਤਬਾ ਅੱਜ ਪ੍ਰਾਪਤ ਕਰ ਲਿਆ ਹੈ, ਉਹਦੀ ਸ਼ਲਾਘਾ ਹੀ ਨਹੀਂ, ਰੀਸ ਵੀ ਕਰਨੀ ਬਣਦੀ ਹੈ।"

ਜ਼ਿਲ੍ਹਾ ਸੰਗਰੂਰ ਦੇ ਤੱਤਕਾਲੀ ਡਿਪਟੀ ਕਮਿਸ਼ਨਰ ਅਰਸ਼ਦੀਪ ਸਿੰਘ ਥਿੰਦ ਨੇ ਲਿਖਿਆ, "15 ਜੂਨ 2014 ਨੂੰ ਚਕਰ ਦੇਖਣ ਦਾ ਮੌਕਾ ਮਿਲਿਆ। ਮੇਰੇ ਨਾਲ ਆਈਆਂ 30 ਪਿੰਡਾਂ ਦੀਆਂ ਪੰਚਾਇਤਾਂ ਨੂੰ ਵੀ ਪਿੰਡ ਦੇਖ ਕੇ ਬੜੀ ਪ੍ਰਸੰਨਤਾ ਹੋਈ। ਸ਼ਹਿਰਾਂ ਨੂੰ ਦੇਖ ਕੇ ਪਿੰਡਾਂ ਦੇ ਲੋਕਾਂ ਦਾ ਸੁਫ਼ਨਾ ਸੀ ਕਿ ਪਿੰਡਾਂ ਵਿਚ ਵੀ ਵਧੀਆ ਖੇਡ ਸਹੂਲਤਾਂ ਹੋਣ, ਸੈਰ ਕਰਨ ਲਈ ਥਾਵਾਂ ਹੋਣ, ਬੱਚਿਆਂ ਦੇ ਮਨੋਰੰਜਨ ਲਈ ਪਾਰਕ ਤੇ ਝੂਲੇ ਹੋਣ। ਚਕਰ ਵਿਚ ਉਹ ਸੁਪਨਾ ਸਾਕਾਰ ਹੁੰਦਾ ਦੇਖਿਆ। ਇਸ ਪਿੰਡ ਤੋਂ ਅਗਾਂਹ ਹੋਰ ਪਿੰਡਾਂ ਵਿਚ ਵੀ ਅਜਿਹਾ ਮਾਹੌਲ ਬਣਨ ਦੀ ਆਸ ਬੱਝੀ ਹੈ। ਲੋਕਾਂ ਨੇ ਖ਼ੁਦ ਹੀ ਹੰਭਲਾ ਮਾਰ ਕੇ ਆਪਣਾ ਅੱਗਾ ਸੁਆਰ ਲਿਆ ਹੈ।"

ਕੈਨੇਡਾ ਦੇ ਮੈਂਬਰ ਪਾਰਲੀਮੈਂਟ ਪਰਮ ਗਿੱਲ ਨੇ 09 ਜਨਵਰੀ 2013 ਨੂੰ ਲਿਖਿਆ, "ਕੈਨੇਡਾ ਰਹਿੰਦਿਆਂ ਪੰਜਾਬ ਸਦਾ ਹੀ ਖਿੱਚ ਪਾਉਂਦਾ ਹੈ। ਇਸ ਵਾਰ ਦੀ ਪੰਜਾਬ ਫੇਰੀ ਸੱਚਮੁੱਚ ਯਾਦਗਾਰੀ ਹੋ ਨਿਬੜੀ। ਸਬੱਬ ਨਾਲ ਪਿੰਡ ਚਕਰ ਵਿਚ ਹੋਏ ਵਿਕਾਸ ਕਾਰਜ ਆਪਣੀ ਅੱਖੀਂ ਦੇਖੇ। ਪਰਵਾਸੀ ਪੰਜਾਬੀਆਂ ਦੀ ਮਦਦ ਤੇ ਪਿੰਡਵਾਸੀਆਂ ਦੀ ਸਵੈਸ਼ਕਤੀ ਤੇ ਪ੍ਰੇਰਨਾ ਨਾਲ ਕੋਈ ਪਿੰਡ ਕਿਥੋਂ ਕਿਥੇ ਜਾ ਸਕਦਾ ਹੈ, ਇਸ ਗੱਲ ਦਾ ਗਵਾਹ ਪਿੰਡ ਚਕਰ ਹੈ। ਚਕਰ ਨੇ ਜੋ ਥੋੜ੍ਹੇ ਸਮੇਂ ਵਿਚ ਹੀ ਵੱਡੀਆਂ ਮੱਲਾਂ ਮਾਰੀਆਂ ਹਨ, ਭਾਵੇਂ ਉਹ ਖੇਡਾਂ ਵਿਚ ਹੋਣ, ਭਾਵੇਂ ਵਾਤਾਵਰਣ ਦੀ ਸਾਂਭ ਸੰਭਾਲ ਹੋਵੇ, ਉਸ ਲਈ ਚਕਰ ਵਧਾਈ ਦਾ ਪਾਤਰ ਹੈ।"

ਕੈਨੇਡਾ ਦੇ ਖੇਡ ਮੰਤਰੀ ਬੱਲ ਗੋਸਲ ਨੇ 12 ਜਨਵਰੀ 2014 ਨੂੰ ਵਿਜ਼ਟਰ ਬੁੱਕ 'ਤੇ ਲਿਖਿਆ, "ਅੱਜ ਪਿੰਡ ਚਕਰ 'ਚ ਆ ਕੇ ਸੋਚਦਾ ਹਾਂ ਕਿ ਚਕਰ ਨਾ ਆਉਂਦਾ ਤਾਂ ਬਹੁਤ ਕੁਝ ਦੇਖਣ ਜਾਨਣ ਵਾਲਾ ਰਹਿ ਜਾਣਾ ਸੀ। ਪਿੰਡ ਚਕਰ ਦੇ ਪਰਵਾਸੀਆਂ ਅਤੇ ਨਗਰ ਨਿਵਾਸੀਆਂ ਦੇ ਕਾਰਜ ਬਹੁਤ ਸਲਾਹੁਣਯੋਗ ਹਨ। ਇਨ੍ਹਾਂ ਸਾਰਿਆਂ ਨੇ ਰਲ ਮਿਲ ਕੇ ਪਿੰਡ ਨੂੰ ਸਾਫ਼ ਸੁਥਰਾ ਅਤੇ ਸੋਹਣਾ ਹੀ ਨਹੀਂ ਬਣਾਇਆ ਸਗੋਂ ਪੂਰੇ ਪੰਜਾਬ ਨੂੰ ਇਕ ਮਾਡਲ ਵੀ ਦਿੱਤਾ ਹੈ। ਪਿੰਡ ਚਕਰ ਨੇ ਜਿਵੇਂ ਆਪਣੀ ਪੱਧਰ 'ਤੇ ਖੇਡ ਸਭਿਆਚਾਰ ਸਿਰਜਿਆ ਅਤੇ ਬਹੁਤ ਘੱਟ ਸਮੇਂ ਵਿਚ ਵੱਡੀਆਂ ਪ੍ਰਾਪਤੀਆਂ ਕੀਤੀਆਂ, ਇਸ ਦੀ ਮਿਸਾਲ ਕਿਧਰੇ ਘੱਟ ਹੀ ਮਿਲਦੀ ਹੈ। ਮੈਂ ਚਕਰ ਦੀ ਚੜ੍ਹਦੀ ਕਲਾ ਲਈ ਕਾਮਨਾ ਕਰਦਾ ਹਾਂ।"

ਮੈਰਾਥਨ ਦਾ ਮਹਾਂਰਥੀ ਬਾਬਾ ਫੌਜਾ ਸਿੰਘ ਚਕਰ ਆਇਆ ਤਾਂ ਉਸ ਨੇ ਸਪੋਰਟਸ ਅਕੈਡਮੀ ਵੇਖਣ ਪਿੱਛੋਂ ਕਿਸ਼ਤੀ ਉਤੇ ਝੀਲ ਦੀ ਸੈਰ ਵੀ ਕੀਤੀ। ਉਸ ਦਾ ਕਹਿਣਾ ਹੈ, "ਚਕਰ ਨੂੰ ਦੇਖ ਕੇ ਯਕੀਨ ਹੋ ਗਿਆ ਕਿ ਪੰਜਾਬ ਮਰਨ ਵਾਲਾ ਨਹੀਂ। ਚਕਰ 'ਚ ਜੋ ਮਾਹੌਲ ਦੇਖਿਆ ਇਹ ਮੈਨੂੰ ਕਦੇ ਨਹੀਂ ਭੁੱਲ ਸਕਦਾ। ਚਕਰ ਦੇ ਖਿਡਾਰੀ, ਚਕਰ ਦੀਆਂ ਝੀਲਾਂ ਦੇ ਕੁਦਰਤੀ ਨਜ਼ਾਰੇ ਤੇ ਮੇਰੀ ਉਮਰ ਦੇ ਨੇੜ ਪਹੁੰਚੇ ਸਾਥੀਆਂ ਦਾ ਗਰਮਜੋਸ਼ੀ ਨਾਲ ਮਿਲਣਾ ਮੇਰੇ ਜੀਵਨ ਦੀਆਂ ਅਭੁੱਲ ਯਾਦਾਂ ਬਣ ਗਈਆਂ ਹਨ।"

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਡਾ. ਮਨਜੀਤ ਸਿੰਘ ਕੰਗ ਨੇ ਲਿਖਿਆ, "ਚਕਰ 'ਚ ਚੱਲ ਰਹੇ ਕਾਰਜ ਦੇਖਣ ਦਾ ਮੌਕਾ ਮਿਲਿਆ। ਚਕਰ ਦੇ ਉਦਮੀਆਂ ਨੇ ਵਾਤਾਵਰਣ ਨੂੰ ਸੰਭਾਲਣ ਦਾ ਜੋ ਉਪਰਾਲਾ ਕੀਤਾ ਅਤੇ ਕਰ ਰਹੇ ਹਨ ਉਹ ਕਾਬਲੇ ਤਾਰੀਫ਼ ਹੈ। ਸੀਵਰੇਜ ਤੇ ਹੋਰ ਵਾਧੂ ਦੇ ਪਾਣੀ ਨੂੰ ਸੋਧ ਕੇ ਮੁੜ ਸਿੰਜਾਈ ਲਈ ਵਰਤਣਾ ਬੜੀ ਵੱਡੀ ਗੱਲ ਹੈ ਕਿਉਂਕਿ ਪਿਛਲੇ ਕੁਝ ਸਾਲਾਂ ਤੋਂ ਪੰਜਾਬ ਦੇ ਪਾਣੀ ਦਾ ਪੱਧਰ ਬਹੁਤ ਹੇਠਾਂ ਜਾ ਰਿਹਾ ਹੈ। ਪੰਜਾਬ ਦੇ ਬਾਕੀ ਪਿੰਡ ਵੀ ਜੇ ਅਜਿਹੇ ਉਪਰਾਲੇ ਕਰ ਲੈਣ ਤਾਂ ਪੌਣ ਪਾਣੀ ਦੇ ਪਲੀਤ ਹੋਣ ਦੀ ਸਮੱਸਿਆ ਨੂੰ ਠੱਲ੍ਹ ਪੈ ਸਕਦੀ ਹੈ।"

ਕੈਨੇਡਾ ਤੋਂ ਆਏ ਕਾਰੋਬਾਰੀ ਕੈਵਿਨ ਮੋਰਗਨ ਨੇ ਚਕਰ ਦੇ ਵਿਕਾਸ ਕਾਰਜਾਂ ਵਿਚ ਇਕ ਕਰੋੜ ਰੁਪਏ ਦਾ ਯੋਗਦਾਨ ਪਾ ਕੇ ਬੇਨਤੀ ਕੀਤੀ ਕਿ ਮੈਨੂੰ ਚਕਰ ਦਾ ਸਿਟੀਜ਼ਨ ਬਣਾ ਲਓ! ਚਕਰੀਆਂ ਨੇ ਢਾਬ ਵਾਲੀ ਝੀਲ ਦਾ ਨਾਂ ਲੇਕ ਮੋਰਗਨ ਰੱਖ ਕੇ ਉਸ ਨੂੰ ਚਕਰੀਆ ਬਣਾ ਲਿਆ। ਹੋਰਨਾਂ ਦੇ ਕਥਨਾਂ ਦਾ ਹਵਾਲਾ ਦਿੱਤੇ ਬਿਨਾਂ ਇਹੋ ਕਹਿਣਾ ਉਚਿਤ ਹੋਵੇਗਾ ਕਿ ਪਿੰਡ ਚਕਰ ਨੂੰ ਅੱਖੀਂ ਵੇਖ ਕੇ ਆਪੋ ਆਪਣੇ ਪਿੰਡਾਂ ਦੀ ਤਕਦੀਰ ਬਦਲੋ। ਜੇ ਚਕਰ ਸੁਧਰ ਸਕਦੈ ਤਾਂ ਹੋਰ ਪਿੰਡ ਕਿਉਂ ਨਹੀਂ ਸੁਧਰ ਸਕਦੇ? ਆਪਣੇ ਹੱਥੀਂ ਆਪਣਾ ਆਪੇ ਹੀ ਕਾਜ ਸਵਾਰੀਏ ਦੇ ਗੁਰਵਾਕ ਅਨੁਸਾਰ ਚੱਲੋਗੇ ਤਾਂ ਚਕਰ ਦੇ ਹਾਣੀ ਹੋ ਜਾਵੋਗੇ। ਚਕਰ ਦਾ ਵਿਕਾਸ ਜਾਰੀ ਹੈ ਤੇ ਉਦੋਂ ਤਕ ਜਾਰੀ ਰਹੇਗਾ ਜਦੋਂ ਤਕ ਯੂ. ਐਨ. ਓ. ਪੰਜਾਬ ਦੇ ਇਸ ਪਿੰਡ ਨੂੰ 'ਵਿਸ਼ਵ ਮਾਡਲ ਪਿੰਡ' ਦਾ ਖ਼ਿਤਾਬ ਨਹੀਂ ਦਿੰਦੀ।

ਜਿਵੇਂ ਚਕਰ ਨੂੰ ਪਿੰਡਾਂ ਦਾ ਚਾਨਣ ਮੁਨਾਰਾ ਕਿਹਾ ਜਾਂਦੈ ਉਵੇਂ ਚਕਰ ਦੀ ਸਪੋਰਟਸ ਅਕੈਡਮੀ ਵੀ ਖੇਡਾਂ ਦਾ ਚਾਨਣ ਮੁਨਾਰਾ ਹੈ। ਇਸ ਅਕੈਡਮੀ ਦੇ ਖਿਡਾਰੀ ਸਟੇਟ ਪੱਧਰ ਦੇ 300 ਤੇ ਨੈਸ਼ਨਲ ਪੱਧਰ ਦੇ 30 ਤੋਂ ਵੱਧ ਮੈਡਲ ਜਿੱਤ ਚੁੱਕੇ ਹਨ। ਸੁਖਦੀਪ ਚਕਰੀਆ ਭਾਰਤ ਦਾ ਨੈਸ਼ਨਲ ਚੈਂਪੀਅਨ ਬਣਿਆ ਤੇ ਹੁਣ ਪ੍ਰੋਫ਼ੈਸ਼ਨਲ ਮੁੱਕੇਬਾਜ਼ੀ ਕਰ ਰਿਹੈ। ਚਕਰ ਦੀਆਂ ਚਾਰ ਧੀਆਂ ਕੌਮੀ ਪੱਧਰ 'ਤੇ ਜੇਤੂ ਰਹੀਆਂ ਅਤੇ ਕੌਮਾਂਤਰੀ ਮੁਕਾਬਲਿਆਂ ਵਿਚੋਂ ਭਾਰਤ ਲਈ 6 ਮੈਡਲ ਜਿੱਤੀਆਂ। ਮਹਿਲਾ ਜੂਨੀਅਰ ਵਿਸ਼ਵ ਬਾਕਸਿੰਗ ਚੈਂਪੀਅਨਸ਼ਿਪ ਵਿਚ ਮਨਦੀਪ ਸੰਧੂ ਗੋਲਡ ਮੈਡਲ ਜਿੱਤ ਕੇ ਵਿਸ਼ਵ ਚੈਂਪੀਅਨ ਬਣੀ ਜਿਸ ਵਿਚ 46 ਮੁਲਕਾਂ ਦੀਆਂ 441 ਚੋਟੀ ਦੀਆਂ ਮੁੱਕੇਬਾਜ਼ਾਂ ਨੇ ਭਾਗ ਲਿਆ। 2018 ਵਿਚ ਦਿੱਲੀ ਵਿਖੇ ਹੋਈ ਸੀਨੀਅਰ ਮਹਿਲਾ ਵਿਸ਼ਵ ਬਾਕਸਿੰਗ ਚੈਂਪੀਅਨਸ਼ਿਪ ਵਿਚੋਂ ਚਕਰ ਦੀ ਧੀ ਸਿਮਰਨਜੀਤ ਕੌਰ ਬਾਠ ਨੇ ਬਰਾਂਜ਼ ਮੈਡਲ ਅਤੇ ਏਸ਼ਿਆਈ ਖੇਡਾਂ 'ਚ ਗੋਲਡ ਮੈਡਲ ਜਿੱਤਿਆ। ਉਸ ਨੇ ਟੋਕੀਓ ਦੀਆਂ ਓਲੰਪਿਕ ਖੇਡਾਂ-2021 ਵਿਚ ਭਾਗ ਲਿਆ ਅਤੇ ਉਸ ਨੂੰ ਅਰਜੁਨਾ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।

ਸਪੋਰਟਸ ਅਕੈਡਮੀ ਦੇ ਪ੍ਰਬੰਧਕਾਂ ਦਾ ਦਾਅਵਾ ਹੈ ਕਿ ਕਿਸੇ ਵੀ ਦਿਨ ਕੋਈ ਆ ਕੇ ਵੇਖ ਲਵੇ ਉਸ ਨੂੰ ਦੋ ਸੌ ਦੇ ਕਰੀਬ ਖਿਡਾਰੀ ਖੇਡ ਮੈਦਾਨਾਂ ਵਿਚ ਖੇਡਦੇ ਦਿਸਣਗੇ। ਕੋਈ ਫੁੱਟਬਾਲ ਖੇਡ ਰਿਹਾ ਹੋਵੇਗਾ, ਕੋਈ ਕਬੱਡੀ, ਕੋਈ ਵਾਲੀਬਾਲ, ਕੋਈ ਅਥਲੈਟਿਕਸ ਕਰ ਰਿਹਾ ਹੋਵੇਗਾ ਤੇ ਬਹੁਤ ਸਾਰੇ ਹੋਣਹਾਰ ਬੱਚੇ ਮੁੱਕੇਬਾਜ਼ੀ ਦੀ ਸਿਖਲਾਈ ਲੈ ਰਹੇ ਹੋਣਗੇ। ਸਵੇਰੇ ਸ਼ਾਮ ਮੇਲਾ ਲੱਗਾ ਹੁੰਦਾ ਹੈ ਬੱਚਿਆਂ, ਬੀਬੀਆਂ ਤੇ ਗਭਰੂਆਂ ਦਾ।


ਚਕਰੀਆਂ ਨੇ ਸਰਕਾਰੀ ਸਰਪ੍ਰਸਤੀ ਤੋਂ ਬਿਨਾਂ ਹੀ ਪਰਵਾਸੀਆਂ ਦੀ ਮਦਦ ਨਾਲ ਦਸ ਕਰੋੜ ਤੋਂ ਵੱਧ ਪੂੰਜੀ ਲਾ ਕੇ ਅਤੇ ਦਸ ਕਰੋੜ ਤੋਂ ਵੱਧ ਦੀ ਕਾਰ ਸੇਵਾ ਕਰਕੇ ਤਿੰਨ ਸਰਕਾਰੀ ਸਕੂਲਾਂ ਦੀਆਂ ਇਮਾਰਤਾਂ ਨਵਿਆਈਆਂ, ਹਾਲ ਕਮਰੇ ਬਣਾਏ, ਅਧਿਆਪਕ ਤੇ ਕੋਚ ਰੱਖੇ, ਸਟੇਡੀਅਮ ਬਣਾਇਆ, ਸਪੋਰਟਸ ਅਕੈਡਮੀ ਚਲਾਈ ਤੇ ਸੀਵਰੇਜ ਪਾਇਆ। ਨੌਂ ਸੱਥਾਂ ਨਵਿਆਈਆਂ, ਕਈ ਪਾਰਕ ਬਣਾਏ, ਝੂਲੇ ਲਾਏ, ਥਾਂ ਥਾਂ ਸੀਮੈਂਟ ਦੇ ਬੈਂਚ ਸਥਾਪਿਤ ਕੀਤੇ, ਬੱਸ ਸ਼ੈੱਡ ਬਣਾਏ, ਨਵੇਂ ਸਿਰਿਓਂ ਗਲੀਆਂ ਪੱਕੀਆਂ ਕੀਤੀਆਂ ਅਤੇ ਗਲੀਆਂ, ਫਿਰਨੀ ਤੇ ਪਿੰਡ ਦੇ ਰਾਹਾਂ ਉਤੇ ਵੀਹ ਹਜ਼ਾਰ ਬੂਟੇ ਤੇ ਰੁੱਖ ਲਾਏ। ਦੂਰ ਨੇੜੇ ਦੇ ਲੋਕ ਆ ਕੇ ਵੇਖਦੇ ਹਨ ਤੇ ਪੁੱਛਦੇ ਹਨ, ਇਹ ਕ੍ਰਿਸ਼ਮਾ ਹੋਇਆ ਕਿਵੇਂ?

ਇਹ ਕ੍ਰਿਸ਼ਮਾ ਕਰਨ ਵਿਚ ਪਿੰਡ ਦੇ ਹਰ ਮਾਈ-ਭਾਈ, ਬਾਲ-ਬੱਚੇ ਤੇ ਨੌਜੁਆਨ ਦਾ ਯੋਗਦਾਨ ਹੈ। ਇਕ ਘੰਟਾ ਕਾਰ ਸੇਵਾ ਕਰਨ ਵਾਲੇ ਵੀ ਹਨ ਤੇ ਸਾਲਾਂ ਬੱਧੀ ਕਾਰ ਸੇਵਾ ਕਰਨ ਵਾਲੇ ਵੀ। ਇਹਦੇ ਵਿਚ ਇਕ ਰੁਪਿਆ ਦਾਨ ਦੇਣ ਵਾਲੇ ਵੀ ਹਨ, ਸੌ ਵਾਲੇ ਵੀ, ਹਜ਼ਾਰ ਵਾਲੇ ਵੀ, ਲੱਖ ਵਾਲੇ ਵੀ ਤੇ ਕਰੋੜਾਂ ਰੁਪਿਆ ਦਾ ਦਾਨ ਕਰਨ ਵਾਲੇ ਵੀ ਹਨ। ਪਰ ਕਿਸੇ ਦਾਨੀ ਦਾ ਨਾਂ ਕਿਤੇ ਵੀ ਨਹੀਂ ਲਿਖਿਆ ਗਿਆ। ਵਰ੍ਹਿਆਂ ਤੋਂ ਸ਼ਾਮਲਾਟਾਂ ਰੋਕੀ ਬੈਠੇ ਭਰਾਵਾਂ ਨੇ ਸਾਂਝੀਆਂ ਥਾਵਾਂ ਆਪੇ ਛੱਡ ਦਿੱਤੀਆਂ। ਕਈਆਂ ਨੇ ਨਿੱਜੀ ਥਾਵਾਂ ਛੱਡ ਕੇ ਗਲੀਆਂ ਖੁੱਲ੍ਹੀਆਂ ਕਰਵਾਈਆਂ।

ਪੁਸਤਕ 'ਚਾਨਣ ਮੁਨਾਰਾ ਚਕਰ' ਦਾ ਸੰਦੇਸ਼ ਹੈ ਕਿ ਹੋਰਨਾਂ ਪਿੰਡਾਂ ਦੇ ਲੋਕ ਵੀ ਚਕਰ ਦੀ ਰੀਸ ਕਰ ਵੇਖਣ। ਪਿੰਡਾਂ ਦੇ ਲੋਕ ਆਪਣੇ ਕਾਰਜ ਆਪਣੇ ਹੱਥੀਂ ਸਵਾਰਨ ਨਾ ਕਿ ਵੋਟਾਂ ਦੀਆਂ ਭੁੱਖੀਆਂ ਸਰਕਾਰਾਂ ਵੱਲ ਝਾਕੀ ਜਾਣ। ਸਰਕਾਰੀ ਗਰਾਂਟਾਂ ਦੀਆਂ ਬੁਰਕੀਆਂ ਬੰਦਿਆਂ ਨੂੰ ਬੰਦੇ ਨਹੀਂ ਰਹਿਣ ਦਿੰਦੀਆਂ। ਚਕਰ ਦੇ ਵਿਕਾਸ ਵਿਚ ਪਿੰਡ ਦੇ ਤੇ ਪਰਵਾਸੀ ਭਰਾਵਾਂ ਦੇ ਜਿਹੜੇ ਦਸ ਕਰੋੜ ਤੋਂ ਵੱਧ ਰੁਪਈਏ ਲੱਗੇ ਹਨ ਉਹ ਸਭ ਨੂੰ ਦਿਸਦੇ ਹਨ। ਕਈਆਂ ਪਿੰਡਾਂ ਨੂੰ ਸਰਕਾਰੀ ਗਰਾਂਟਾਂ ਦੇ ਕਰੋੜਾਂ ਰੁਪਏ ਮਨਜ਼ੂਰ ਹੋਏ ਪਰ ਲੱਗੇ ਕਿਤੇ ਦਿੱਸਦੇ ਹੀ ਨਹੀਂ!

ਮੈਂ ਜਦੋਂ ਵੀ ਆਪਣੇ ਪਿੰਡ ਜਾਂਦਾ ਹਾਂ ਤਾਂ ਵੇਖਦਾ ਹਾਂ ਕਿ ਸਵੇਰੇ ਸ਼ਾਮ ਬੀਹੀਆਂ ਵਿਚ ਬੱਚੇ ਸਪੋਰਟਸ ਅਕੈਡਮੀ ਦੇ ਟਰੈਕ ਸੂਟ ਪਾਈ ਸਟੇਡੀਅਮ ਵੱਲ ਜਾਂਦੇ ਹਨ ਅਤੇ ਖੇਡ ਮੈਦਾਨ ਵਿਚ ਕਸਰਤਾਂ ਤੇ ਖੇਡਾਂ ਦਾ ਅਭਿਆਸ ਕਰਦੇ ਹਨ। ਨਸ਼ਿਆਂ ਤੋਂ ਬਚੇ ਹੋਏ ਹਨ ਤੇ ਉੱਚੇ ਆਚਰਣ ਦੇ ਮਾਲਕ ਬਣ ਰਹੇ ਹਨ। ਉਨ੍ਹਾਂ ਦੇ ਸਰੀਰਾਂ ਵਿਚ ਪੈਦਾ ਹੋ ਰਹੀ ਵਾਧੂ ਊਰਜਾ ਦਾ ਸਹਿਜ ਨਿਕਾਸ ਹੋ ਰਿਹੈ ਅਤੇ ਵਿਹਲਾ ਸਮਾਂ ਸਕਾਰਥੇ ਲੱਗ ਰਿਹੈ। ਜੇਕਰ ਪੰਜਾਬ ਦੇ ਸਾਰੇ ਪਿੰਡਾਂ ਵਿਚ ਹੀ ਅਜਿਹਾ ਮਾਹੌਲ ਬਣ ਜਾਵੇ ਤਾਂ ਪੰਜਾਬ ਕੀਹਦੇ ਲੈਣ ਦਾ ਹੈ? ਪਰਵਾਸੀ ਖੇਡ ਪ੍ਰਮੋਟਰਾਂ ਨੂੰ ਚਕਰ ਵਰਗੀਆਂ ਖੇਡ ਅਕੈਡਮੀਆਂ ਚਲਾਉਣ ਦੀ ਲੋੜ ਹੈ ਜਿਥੇ ਕੇਵਲ ਕਬੱਡੀ ਟੂਰਨਾਮੈਂਟ ਕਰਾਉਣ ਉਤੇ ਲੱਖਾਂ ਰੁਪਏ ਲਾਉਣ ਦੀ ਥਾਂ ਓਨੇ ਪੈਸਿਆਂ ਨਾਲ ਸਾਰਾ ਸਾਲ ਖੇਡਾਂ ਚਲਾਈਆਂ ਜਾ ਸਕਦੀਆਂ ਹਨ। ਪੰਜਾਬ ਦੀ ਜੁਆਨੀ ਨੂੰ ਨਸ਼ਿਆਂ ਦੀ ਲਾਅਣਤ ਤੋਂ ਇੰਜ ਹੀ ਬਚਾਇਆ ਜਾ ਸਕਦੈ।

ਨੋਟ: ਪੁਸਤਕ ਵਿਚਲੀਆਂ ਤਸਵੀਰਾਂ 'ਚ ਪਿੰਡ ਦੀਆਂ ਪੁਰਾਣੀਆਂ ਤੇ ਨਵੀਆਂ ਝਾਕੀਆਂ ਵਿਖਾਈਆਂ ਗਈਆਂ ਹਨ। ਉਹੀ ਛੱਪੜ ਜੋ ਪਹਿਲਾਂ ਨਰਕ ਬਣੇ ਹੋਏ ਸਨ ਹੁਣ ਫੁੱਲਾਂ ਵਾਲੇ ਪਾਰਕਾਂ ਤੇ ਝੀਲਾਂ ਵਿਚ ਬਦਲ ਗਏ ਹਨ। ਰੂੜੀਆਂ 'ਚ ਘਿਰੀ ਮੁਸ਼ਕ ਮਾਰਦੇ ਪਾਣੀ ਵਾਲੀ ਢਾਬ ਹੁਣ ਨਿਰਮਲ ਝੀਲ ਬਣ ਗਈ ਹੈ ਜਿਸ ਵਿਚ ਸੈਰ ਸਪਾਟੇ ਲਈ ਕਿਸ਼ਤੀਆਂ ਤਰਦੀਆਂ ਹਨ। ਪੁਸਤਕ ਦੇ ਕਾਂਡ-ਦੀਵੇ ਦੀ ਲੋਅ, ਵਿਰਸਾ ਤੇ ਵਰਤਮਾਨ, ਚੱਕਰਾਂ 'ਚੋਂ ਨਿਕਲਿਆ ਚਕਰ, ਸੀਵਰੇਜ ਸਿਸਟਮ: ਤਕਨੀਕ ਤੇ ਤਜ਼ਰਬੇ, ਸ਼ਕਤੀ, ਸੰਘਰਸ਼ ਤੇ ਸੁਹਜ ਦਾ ਸੰਗਮ, ਚਿੱਠੀ ਚਕਰ ਤੋਂ, ਝੀਲਾਂ ਚਕਰ ਦੀਆਂ, ਚਕਰ 'ਚ ਚੜ੍ਹਿਆ ਖੇਡਾਂ ਦਾ ਸੂਰਜ, ਚਕਰ ਦੀਆਂ ਸ਼ੇਰਨੀਆਂ, ਚਕਰ ਨੂੰ ਗੁਰ ਸ਼ਬਦਾਂ ਦੀ ਗੁੜ੍ਹਤੀ, ਚਕਰ ਇਕ ਮਾਰਗ ਦਰਸ਼ਕ ਅਤੇ ਹੈਲੋ! ਮੈਂ ਚਕਰ ਬੋਲਦਾਂ... ਆਦਿ ਹਨ। 'ਜੋ ਸੁਣਿਆ, ਜੋ ਦੇਖਿਆ' ਨਾਂ ਦੇ ਕਾਂਡ ਵਿਚ ਉਨ੍ਹਾਂ ਨਾਮਵਰ ਵਿਅਕਤੀਆਂ ਦੇ ਕਥਨ ਦਰਜ ਹਨ ਜਿਹੜੇ ਪਿੰਡ ਚਕਰ ਵੇਖਣ ਗਏ। ਗੁਰਦਵਾਰਾ ਮਹਿਦੀਆਣਾ ਸਾਹਿਬ ਦੇ ਦਰਸ਼ਨਾਂ ਨੂੰ ਆਈਆਂ ਸੰਗਤਾਂ ਹੁਣ ਚਕਰ ਦੀ ਵੀ ਜ਼ਿਆਰਤ ਕਰ ਕੇ ਮੁੜਦੀਆਂ ਹਨ।



ਕੈਪਸ਼ਨ: ਲੇਖ ਨਾਲ ਭੇਜੀ ਜਾ ਰਹੀ ਫੋਟੋ ਵਿੱਚ ਪੁਸਤਕ 'ਚਾਨਣ ਮੁਨਾਰਾ ਚਕਰ' ਰਾਏ ਅਜੀਜ਼ਉੱਲਾ ਖਾਂ ਜੀ ਨੂੰ ਭੇਟ ਕਰਦਿਆਂ ਜਿਨ੍ਹਾਂ ਦੇ ਵਡ-ਵਡੇਰਿਆਂ ਨੇ ਸੱਤ ਸੌ ਸਾਲ ਪਹਿਲਾਂ ਪਿੰਡ ਚਕਰ ਦੀ ਮੋਹੜੀ ਗੱਡੀ ਸੀ।




# ਇੱਕ ਵਿਦਿਆਰਥੀ ਵਜੋਂ ਮੈਗਜ਼ੀਨ ਪੜ੍ਹਨ ਦੀ ਮਹੱਤਤਾ

-ਵਿਜੇ ਗਰਗ-

ਸਮਾਰਟਫੋਨ, ਸੋਸ਼ਲ ਮੀਡੀਆ, ਅਤੇ ਜਾਣਕਾਰੀ ਤੱਕ ਤੁਰੰਤ ਪਹੁੰਚ ਦੇ ਯੁੱਗ ਵਿੱਚ, ਰਸਾਲੇ ਪੜ੍ਹਨਾ ਸ਼ਾਇਦ ਅਤੀਤ ਦੀ ਯਾਦ ਵਾਂਗ ਜਾਪਦਾ ਹੈ। ਹਾਲਾਂਕਿ, ਇੱਕ ਚੰਗੀ ਤਰ੍ਹਾਂ ਤਿਆਰ ਕੀਤੀ ਮੈਗਜ਼ੀਨ ਦੇ ਪੰਨਿਆਂ ਨੂੰ ਫਲਿਪ ਕਰਨ ਦਾ ਅਭਿਆਸ ਵਿਦਿਆਰਥੀਆਂ ਲਈ ਬਹੁਤ ਸਾਰੇ ਲਾਭਾਂ ਦੀ ਪੇਸ਼ਕਸ਼ ਕਰ ਸਕਦਾ ਹੈ ਜੋ ਸਕ੍ਰੀਨ ਤੋਂ ਪਰੇ ਜਾਂਦੇ ਹਨ। ਅਸੀਂ ਇੱਕ ਵਿਦਿਆਰਥੀ ਦੇ ਤੌਰ 'ਤੇ ਰਸਾਲੇ ਪੜ੍ਹਨ ਦੇ ਫਾਇਦਿਆਂ ਦੀ ਪੜਚੋਲ ਕਰਾਂਗੇ, ਇਹ ਉਜਾਗਰ ਕਰਦੇ ਹੋਏ ਕਿ ਇਹ ਪੁਰਾਣੇ ਜ਼ਮਾਨੇ ਦੀ ਪ੍ਰਤੀਤ ਹੋਣ ਵਾਲੀ ਆਦਤ ਤੁਹਾਡੇ ਅਕਾਦਮਿਕ ਅਤੇ ਨਿੱਜੀ ਜੀਵਨ 'ਤੇ ਸਕਾਰਾਤਮਕ ਪ੍ਰਭਾਵ ਕਿਵੇਂ ਪਾ ਸਕਦੀ ਹੈ। ਵਿਭਿੰਨ ਗਿਆਨ ਅਤੇ ਦਿਲਚਸਪੀਆਂ ਮੈਗਜ਼ੀਨਾਂ ਨੂੰ ਪੜ੍ਹਨਾ ਤੁਹਾਨੂੰ ਵਿਸ਼ਿਆਂ ਅਤੇ ਰੁਚੀਆਂ ਦੀ ਵਿਭਿੰਨ ਸ਼੍ਰੇਣੀ ਦਾ ਸਾਹਮਣਾ ਕਰਦਾ ਹੈ। ਭਾਵੇਂ ਤੁਸੀਂ ਰਾਜਨੀਤੀ, ਫੈਸ਼ਨ, ਵਿਗਿਆਨ ਜਾਂ ਯਾਤਰਾ ਵਿੱਚ ਦਿਲਚਸਪੀ ਰੱਖਦੇ ਹੋ, ਤੁਹਾਡੇ ਲਈ ਇੱਕ ਮੈਗਜ਼ੀਨ ਹੈ। ਇਹ ਵਿਭਿੰਨਤਾ ਤੁਹਾਡੇ ਦੂਰੀ ਨੂੰ ਵਿਸ਼ਾਲ ਕਰ ਸਕਦੀ ਹੈ, ਤੁਹਾਨੂੰ ਨਵੇਂ ਜਨੂੰਨ ਅਤੇ ਰੁਚੀਆਂ ਨੂੰ ਖੋਜਣ ਵਿੱਚ ਮਦਦ ਕਰ ਸਕਦੀ ਹੈ, ਜੋ ਸ਼ਾਇਦ ਤੁਹਾਨੂੰ ਕਿਸੇ ਹੋਰ ਤਰ੍ਹਾਂ ਦਾ ਸਾਹਮਣਾ ਨਾ ਕਰਨਾ ਪਿਆ ਹੋਵੇ। ਸੁਧਰੀ ਸ਼ਬਦਾਵਲੀ ਅਤੇ ਪੜ੍ਹਨ ਦੇ ਹੁਨਰ ਰਸਾਲਿਆਂ ਵਿੱਚ ਅਕਸਰ ਚੰਗੀ ਤਰ੍ਹਾਂ ਤਿਆਰ ਕੀਤੇ ਲੇਖ ਅਤੇ ਡੂੰਘਾਈ ਨਾਲ ਰਿਪੋਰਟਿੰਗ ਹੁੰਦੀ ਹੈ। ਇਹਨਾਂ ਨੂੰ ਨਿਯਮਿਤ ਤੌਰ 'ਤੇ ਪੜ੍ਹਨਾ ਤੁਹਾਡੀ ਸ਼ਬਦਾਵਲੀ ਨੂੰ ਵਧਾ ਸਕਦਾ ਹੈ ਅਤੇ ਤੁਹਾਡੇ ਪੜ੍ਹਨ ਦੀ ਸਮਝ ਦੇ ਹੁਨਰ ਨੂੰ ਸੁਧਾਰ ਸਕਦਾ ਹੈ। ਇਹ ਸੁਧਰੀ ਹੋਈ ਸਾਖਰਤਾ ਤੁਹਾਡੇ ਅਕਾਦਮਿਕ ਕੰਮਾਂ ਵਿੱਚ ਅਨਮੋਲ ਹੋ ਸਕਦੀ ਹੈ। ਵਰਤਮਾਨ ਮਾਮਲੇ ਅਤੇ ਜਾਗਰੂਕਤਾ ਰਸਾਲੇ ਮੌਜੂਦਾ ਮਾਮਲਿਆਂ ਅਤੇ ਖ਼ਬਰਾਂ ਦੇ ਅਪਡੇਟਸ ਦਾ ਇੱਕ ਵਧੀਆ ਸਰੋਤ ਹਨ।



ਸੰਸਾਰ ਬਾਰੇ ਜਾਣੂ ਰਹਿਣਾ ਨਾ ਸਿਰਫ਼ ਤੁਹਾਡੇ ਆਮ ਗਿਆਨ ਲਈ ਮਹੱਤਵਪੂਰਨ ਹੈ ਬਲਕਿ ਅਕਾਦਮਿਕ ਚਰਚਾਵਾਂ ਅਤੇ ਲਿਖਤੀ ਕਾਰਜਾਂ ਲਈ ਵੀ ਲਾਭਦਾਇਕ ਹੋ ਸਕਦਾ ਹੈ। ਆਲੋਚਨਾਤਮਕ ਸੋਚ ਅਤੇ ਵਿਸ਼ਲੇਸ਼ਣ ਬਹੁਤ ਸਾਰੇ ਰਸਾਲਿਆਂ ਵਿੱਚ ਵਿਚਾਰ-ਉਕਸਾਉਣ ਵਾਲੇ ਲੇਖ, ਸੰਪਾਦਕੀ ਅਤੇ ਰਾਏ ਦੇ ਟੁਕੜੇ ਹੁੰਦੇ ਹਨ। ਇਹਨਾਂ ਸਮੱਗਰੀਆਂ ਨਾਲ ਜੁੜਨਾ ਤੁਹਾਡੀ ਆਲੋਚਨਾਤਮਕ ਸੋਚ ਦੇ ਹੁਨਰ ਨੂੰ ਤਿੱਖਾ ਕਰ ਸਕਦਾ ਹੈ ਕਿਉਂਕਿ ਤੁਸੀਂ ਲੇਖਾਂ ਵਿੱਚ ਪੇਸ਼ ਕੀਤੇ ਗਏ ਵੱਖ-ਵੱਖ ਦ੍ਰਿਸ਼ਟੀਕੋਣਾਂ ਅਤੇ ਦਲੀਲਾਂ ਦਾ ਮੁਲਾਂਕਣ ਕਰਦੇ ਹੋ। ਆਰਾਮ ਅਤੇ ਤਣਾਅ ਤੋਂ ਰਾਹਤ ਕਾਲਜ ਦੀ ਜ਼ਿੰਦਗੀ ਤਣਾਅਪੂਰਨ ਹੋ ਸਕਦੀ ਹੈ, ਅਤੇ ਮੈਗਜ਼ੀਨ ਪੜ੍ਹਨਾ ਇੱਕ ਸੁਹਾਵਣਾ ਬਚਣ ਦਾ ਕੰਮ ਕਰ ਸਕਦਾ ਹੈ। ਇਹ ਪਾਠ ਪੁਸਤਕਾਂ ਅਤੇ ਅਸਾਈਨਮੈਂਟਾਂ ਤੋਂ ਇੱਕ ਬ੍ਰੇਕ ਪ੍ਰਦਾਨ ਕਰਦਾ ਹੈ, ਜਿਸ ਨਾਲ ਤੁਸੀਂ ਆਪਣੀਆਂ ਮਾਨਸਿਕ ਬੈਟਰੀਆਂ ਨੂੰ ਖੋਲ੍ਹਣ ਅਤੇ ਰੀਚਾਰਜ ਕਰ ਸਕਦੇ ਹੋ। ਪ੍ਰੇਰਨਾ ਅਤੇ ਰਚਨਾਤਮਕਤਾ ਰਸਾਲੇ ਅਕਸਰ ਰਚਨਾਤਮਕ ਸਮੱਗਰੀ ਨੂੰ ਪ੍ਰਦਰਸ਼ਤਿ ਕਰਦੇ ਹਨ, ਭਾਵੇਂ ਇਹ ਕਲਾ, ਫੋਟੋਗ੍ਰਾਫੀ, ਜਾਂ ਨਵੀਨਤਾਕਾਰੀ ਵਿਚਾਰਾਂ ਦੇ ਰੂਪ ਵਿੱਚ ਹੋਵੇ। ਇਹਨਾਂ ਰਚਨਾਤਮਕ ਤੱਤਾਂ ਦਾ ਐਕਸਪੋਜਰ ਤੁਹਾਡੀ ਆਪਣੀ ਰਚਨਾਤਮਕਤਾ ਨੂੰ ਪ੍ਰੇਰਿਤ ਕਰ ਸਕਦਾ ਹੈ ਅਤੇ ਤੁਹਾਡੇ ਅਕਾਦਮਿਕ ਪ੍ਰੋਜੈਕਟਾਂ ਵਿੱਚ ਬਾਕਸ ਤੋਂ ਬਾਹਰ ਸੋਚਣ ਵਿੱਚ ਤੁਹਾਡੀ ਮਦਦ ਕਰ ਸਕਦਾ ਹੈ। ਨੈੱਟਵਰਕਿੰਗ ਅਤੇ ਕਰੀਅਰ ਦੇ ਮੌਕੇ ਤੁਹਾਡੇ ਅਧਿਐਨ ਦੇ ਖੇਤਰ ਨਾਲ ਸਬੰਧਤ ਰਸਾਲੇ ਉਦਯੋਗ ਦੇ ਰੁਝਾਨਾਂ ਅਤੇ ਨੌਕਰੀ ਦੇ ਮੌਕਿਆਂ ਬਾਰੇ ਜਾਣਕਾਰੀ ਦਾ ਇੱਕ ਕੀਮਤੀ ਸਰੋਤ ਹੋ ਸਕਦੇ ਹਨ। ਉਹ ਸਫਲ ਪੇਸ਼ੇਵਰਾਂ ਦੇ ਪ੍ਰੋਫਾਈਲ ਵੀ ਦਿਖਾ ਸਕਦੇ ਹਨ ਜਿਨ੍ਹਾਂ ਤੋਂ ਤੁਸੀਂ ਸਿੱਖ ਸਕਦੇ ਹੋ। ਵਧਿਆ ਸਮਾਂ ਪ੍ਰਬੰਧਨ ਰਸਾਲੇ ਪੜ੍ਹਨਾ ਤੁਹਾਨੂੰ ਆਪਣਾ ਸਮਾਂ ਪ੍ਰਭਾਵਸ਼ਾਲੀ ਢੰਗ ਨਾਲ ਨਿਰਧਾਰਤ ਕਰਨਾ ਸਿਖਾਉਂਦਾ ਹੈ। ਇਹ ਤੁਹਾਡੀ ਰੋਜ਼ਾਨਾ ਰੁਟੀਨ ਵਿੱਚ ਪੜ੍ਹਨ ਨੂੰ ਜੋੜਨ ਦਾ ਇੱਕ ਪ੍ਰਬੰਧਨਯੋਗ ਤਰੀਕਾ ਹੈ, ਜੋ ਤੁਹਾਡੇ ਸਮੁੱਚੀ ਸਮਾਂ ਪ੍ਰਬੰਧਨ ਹੁਨਰ ਨੂੰ ਸੁਧਾਰ ਸਕਦਾ ਹੈ। ਸੱਭਿਆਚਾਰਕ ਅਤੇ ਸਮਾਜਕ ਸੂਝ ਰਸਾਲੇ ਅਕਸਰ ਵੱਖ-ਵੱਖ ਵਿਸ਼ਿਆਂ ਦੇ ਸੱਭਿਆਚਾਰਕ ਅਤੇ ਸਮਾਜਕ ਪਹਿਲੂਆਂ ਦੀ ਖੋਜ ਕਰਦੇ ਹਨ। ਇਹ ਵੱਖ-ਵੱਖ ਸਭਿਆਚਾਰਾਂ ਅਤੇ ਸਮਾਜਾਂ ਦੀ ਡੂੰਘੀ ਸਮਝ ਪ੍ਰਾਪਤ ਕਰਨ ਵਿੱਚ ਤੁਹਾਡੀ ਮਦਦ ਕਰ ਸਕਦਾ ਹੈ, ਜੋ ਕਿ ਸਾਡੇ ਆਪਸ ਵਿੱਚ ਜੁੜੇ ਸੰਸਾਰ ਵਿੱਚ ਖਾਸ ਤੌਰ 'ਤੇ ਮਹੱਤਵਪੂਰਨ ਹੈ। ਔਫਲਾਈਨ ਡਿਜੀਟਲ ਡੀਟੌਕਸ ਪ੍ਰਿੰਟ ਮੈਗਜ਼ੀਨਾਂ ਨੂੰ ਪੜ੍ਹਨਾ ਨਿਰੰਤਰ ਡਿਜੀਟਲ ਸਕ੍ਰੀਨ ਐਕਸਪੋਜਰ ਤੋਂ ਇੱਕ ਬ੍ਰੇਕ ਦੀ ਪੇਸ਼ਕਸ਼ ਕਰਦਾ ਹੈ ਜੋ ਅੱਜ ਦੇ ਸਮਾਜ ਵਿੱਚ ਇੱਕ ਆਦਰਸ਼ ਬਣ ਗਿਆ ਹੈ। ਇਹ ਅਨਪਲੱਗ ਕਰਨ, ਅੱਖਾਂ ਦੇ ਦਬਾਅ ਨੂੰ ਘਟਾਉਣ, ਅਤੇ ਪੜ੍ਹਨ ਦੇ ਅਨੁਭਵ ਦਾ ਅਨੰਦ ਲੈਣ ਦਾ ਇੱਕ ਮੌਕਾ ਹੈ। ਅਕਾਦਮਿਕਤਾ ਦੇ ਤੇਜ਼-ਰਫ਼ਤਾਰ ਸੰਸਾਰ ਵਿੱਚ, ਇੱਕ ਵਿਦਿਆਰਥੀ ਵਜੋਂ ਰਸਾਲੇ ਪੜ੍ਹਨ ਦੇ ਲਾਭ ਅਸਵੀਕਾਰਨਯੋਗ ਹਨ। ਤੁਹਾਡੇ ਗਿਆਨ ਅਧਾਰ ਨੂੰ ਵਧਾਉਣ ਤੋਂ ਲੈ ਕੇ ਤੁਹਾਡੇ ਪੜ੍ਹਨ ਦੇ ਹੁਨਰ ਨੂੰ ਬਿਹਤਰ ਬਣਾਉਣ ਅਤੇ ਆਰਾਮ ਦੀ ਪੇਸ਼ਕਸ਼ ਕਰਨ ਤੱਕ, ਰਸਾਲੇ ਤੁਹਾਡੇ ਨਿੱਜੀ ਅਤੇ ਅਕਾਦਮਿਕ ਵਿਕਾਸ ਵਿੱਚ ਇੱਕ ਕੀਮਤੀ ਭੂਮਿਕਾ ਨਿਭਾ ਸਕਦੇ ਹਨ। ਇਸ ਲਈ, ਇਸ ਨੂੰ ਸ਼ਾਮਲ ਕਰਨ 'ਤੇ ਵਿਚਾਰ ਕਰੋਆਪਣੀ ਰੋਜ਼ਾਨਾ ਦੀ ਰੁਟੀਨ ਵਿੱਚ ਸਦੀਵੀ ਆਦਤ ਪਾਓ ਅਤੇ ਉਹ ਇਨਾਮ ਪ੍ਰਾਪਤ ਕਰੋ ਜੋ ਇਹ ਪੇਸ਼ ਕਰ ਸਕਦਾ ਹੈ। ਭਾਵੇਂ ਤੁਸੀਂ ਇਸ ਵਿੱਚ ਸਿੱਖਿਆ, ਪ੍ਰੇਰਨਾ, ਜਾਂ ਸਿਰਫ਼ ਪੜ੍ਹਨ ਦੀ ਖੁਸ਼ੀ ਲਈ ਹੋ, ਮੈਗਜ਼ੀਨਾਂ ਵਿੱਚ ਹਰ ਵਿਦਿਆਰਥੀ ਨੂੰ ਪੇਸ਼ ਕਰਨ ਲਈ ਕੁਝ ਨਾ ਕੁਝ ਹੁੰਦਾ ਹੈ।




# ਗੁਲਜ਼ਾਰ ਗਰੁੱਪ ਵੱਲੋਂ ਖ਼ੂਨਦਾਨ ਕੈਂਪ ਦਾ ਆਯੋਜਨ, 113 ਯੂਨਿਟ ਖ਼ੂਨ ਹੋਇਆ ਇਕੱਠਾ

ਗੁਲਜ਼ਾਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੀ 19ਵੀਂ ਪੰਜਾਬ ਬਟਾਲੀਅਨ ਦੀ ਐਨ ਸੀ ਸੀ ਯੂਨਿਟ ਵੱਲੋਂ ਉਣਵੀਂ ਪੰਜਾਬ ਬਟਾਲੀਅਨ ਐਨ ਸੀ ਸੀ ਲੁਧਿਆਣਾ ਦੇ ਕਮਾਂਡਿੰਗ ਅਫ਼ਸਰ ਕਰਨਲ ਪ੍ਰਵੀਨ ਧੀਮਾਨ ਦੀ ਅਗਵਾਈ ਹੇਠ ਖ਼ੂਨ ਬਚਾਓ ਜੀਵਨ ਦੇ ਸੰਦੇਸ਼ ਨਾਲ ਮਾਨਵਤਾ ਨੂੰ ਸਮਰਪਿਤ ਖ਼ੂਨ-ਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਖ਼ੂਨਦਾਨ ਕੈਂਪ 'ਚ ਇੰਸਟੀਚਿਊਟ ਦੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੇ 113 ਯੂਨਿਟ ਖ਼ੂਨ ਦਾਨ ਕੀਤਾ। ਇਸ ਕੈਂਪ ਐਸੋਸੀਏਸ਼ਨ ਆਫ਼ ਅਲਾਈਡ ਸਾਇੰਸਜ਼, ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਵਿਭਾਗ, ਏ ਆਈ ਐਮ ਐੱਸ ਜਲੰਧਰ ਅਤੇ ਰੈੱਡ ਫਾਊਂਡੇਸ਼ਨ, ਐਨ.ਜੀ.ਓ ਦੇ ਸਹਿਯੋਗ ਨਾਲ ਕਰਵਾਏ ਇਸ ਕੈਂਪ ਦਾ ਉਦਘਾਟਨ ਗਰੁੱਪ ਦੇ ਚੇਅਰਮੈਨ ਗੁਰਚਰਨ ਸਿੰਘ ਵੱਲੋਂ ਕੀਤਾ ਗਿਆ।



ਇਸ ਮੌਕੇ ਤੇ ਐਗਜ਼ੀਕਿਊਟਿਵ ਡਾਇਰੈਕਟਰ ਗੁਰਕੀਰਤ ਸਿੰਘ ਨੇ ਖ਼ੂਨ ਦਾਨ ਕਰਨ ਵਾਲੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਦੀ ਸ਼ਲਾਘਾ ਸ਼ਲਾਘਾ ਕਰਦੇ ਹੋਏ ਕਿਹਾ ਕਿ ਖ਼ੂਨ ਦਾਨ ਮਹਾਂ ਦਾਨ ਹੁੰਦਾ ਹੈ ਜੋ ਕਿ ਅਨਮੋਲ ਜ਼ਿੰਦਗੀ ਬਚਾਉਂਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਵਿਦਿਆਰਥੀਆਂ ਨੂੰ ਹੋਰਨਾ ਲੋਕਾਂ ਨੂੰ ਵੀ ਖ਼ੂਨ ਦਾਨ ਲਈ ਪ੍ਰੇਰਿਤ ਕਰਨ ਲਈ ਕਿਹਾ । ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਮਾਨਵਤਾ ਦੀ ਸੇਵਾ ਲਈ ਖ਼ੂਨ ਦਾਨ ਕਰਨ ਤੋਂ ਵੱਡਾ ਹੋਰ ਕੋਈ ਪਵਿੱਤਰ ਕੰਮ ਨਹੀਂ ਹੈ । ਉਨ੍ਹਾਂ ਵਿਦਿਆਰਥੀਆਂ ਦੁਆਰਾ ਮਾਨਵਤਾ ਲਈ ਕੀਤੀ ਕੋਸ਼ਿਸ਼ ਤੇ ਖ਼ੂਨ ਦਾਨ ਕਰਨ ਵਾਲਿਆਂ ਦੀ ਸ਼ਲਾਘਾ ਕੀਤੀ ।

ਚੇਅਰਮੈਨ ਗੁਰਚਰਨ ਸਿੰਘ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਇਸ ਖ਼ੂਨ ਦਾਨ ਕੈਂਪ ਦਾ ਇੱਕ ਹੋਰ ਉਦੇਸ਼ ਵਿਦਿਆਰਥੀਆਂ ਨੂੰ ਖ਼ੂਨ ਦਾਨ ਦੇ ਫ਼ਾਇਦਿਆਂ ਤੋਂ ਜਾਣੂ ਕਰਵਾਉਣਾ ਵੀ ਹੈ ਤਾਂ ਜੋ ਉਹ ਅੱਗੋਂ ਵੀ ਖ਼ੂਨ ਦਾਨ ਕਰਨ ਤੇ ਆਪਣੇ ਦੋਸਤਾਂ ਤੇ ਰਿਸ਼ਤੇਦਾਰਾਂ ਨੂੰ ਵੀ ਖ਼ੂਨ ਦਾਨ ਕਰਨ ਲਈ ਪ੍ਰੇਰਿਤ ਕਰਨ । ਅਖੀਰ ਵਿਚ ਖ਼ੂਨਦਾਨੀਆਂ ਨੂੰ ਪ੍ਰੋਤਸਾਹਿਤ ਕਰਨ ਦੇ ਮੰਤਵ ਨਾਲ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਅਤੇ ਸੈਟੀਫਿਕੇਟ ਵੀ ਪ੍ਰਦਾਨ ਕੀਤੇ ਗਏ।

# ਗੁਰੂ ਨਾਨਕ ਦੇਵ ਯੂਨੀਵਰਸਿਟੀ 'ਚ ਸ਼ੁਰੂ ਹੋਵੇਗਾ ਪੰਜ ਸਾਲਾ ਕੋਰਸ ਐਮ.ਟੈਕ ਵਾਇਰਲੈੱਸ ਕਮਿਊਨੀਕੇਸ਼ਨ ਪ੍ਰੋਗਰਾਮ

ਅੰਮ੍ਰਿਤਸਰ, 20 ਮਾਰਚ, (ਪੋਸਟ ਬਿਊਰੋ): ਗੁਰੂ ਨਾਨਕ ਦੇਵ ਯੂਨੀਵਰਸਿਟੀ ਆਪਣੇ ਕੈਂਪਸ ਵਿਚ ਐਮ.ਟੈਕ ਵਾਇਰਲੈੱਸ ਕਮਿਊਨੀਕੇਸ਼ਨ ਆਨ ਕਟਿੰਗਜ਼ ਐਜ ਟੈਕਨਾਲੋਜੀਜ਼ ਸੈਸ਼ਨ 2024-25 ਤੋਂ ਨਵਾਂ ਕੋਰਸ ਸ਼ੁਰੂ ਕਰਨ ਜਾ ਰਹੀ ਹੈ। ਯੂਨੀਵਰਸਿਟੀ ਦੇ ਇਲੈਕਟ੍ਰੋਨਿਕਸ ਟੈਕਨਾਲੋਜੀ ਵਿਭਾਗ ਦੇ ਮੁਖੀ ਡਾ. ਰਵਿੰਦਰ ਕੁਮਾਰ ਨੇ ਦੱਸਿਆ ਕਿ ਵਾਇਰਲੈੱਸ ਕਮਿਊਨੀਕੇਸ਼ਨ ਵਿੱਚ ਨਵਾਂ ਪੇਸ਼ ਕੀਤਾ ਗਿਆ ਐਮ ਟੈਕ ਪ੍ਰੋਗਰਾਮ ਇਲੈਕਟ੍ਰੋਨਿਕਸ ਅਤੇ ਦੂਰਸੰਚਾਰ ਉਦਯੋਗ ਦੀਆਂ ਵਿਕਾਸਸ਼ੀਲ ਲੋੜਾਂ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਗਿਆ ਹੈ ਅਤੇ ਵਿਦਿਆਰਥੀਆਂ ਨੂੰ ਇਸ ਖੇਤਰ ਵਿੱਚ ਸਫਲਤਾ ਪ੍ਰਦਾਨ ਕਰਨ ਲਈ ਹੁਨਰਮੰਦ ਅਤੇ ਗਿਆਨ ਭਰਪੂਰ ਕੀਤਾ ਜਾਵੇਗਾ। ਇਹ ਪ੍ਰੋਗਰਾਮ ਵਿਭਿੰਨ ਖੇਤਰਾਂ ਵਿਚ ਕਰੀਅਰ ਦੀਆਂ ਸੰਭਾਵਨਾਵਾਂ ਪ੍ਰਦਾਨ ਕਰੇਗਾ। ਦੂਰਸੰਚਾਰ ਦੇ ਖੇਤਰ ਵਿਚ 5 ਜੀ ਅਤੇ 6 ਜੀ, ਆਰਟੀਫੀਸ਼ੀਅਲ ਇੰਟੈਲੀਜੈਂਸ, ਬਾਇਓ-ਮੈਡੀਕਲ ਇੰਜੀਨੀਅਰਿੰਗ, ਰਿਮੋਟ ਸੈਂਸਿੰਗ, ਟਿਕਾਊ ਊਰਜਾ ਪ੍ਰਣਾਲੀਆਂ, ਆਟੋਮੇਸ਼ਨ, ਡਰੋਨ, ਸਵੈ-ਡਰਾਈਵਿੰਗ ਕਾਰਾਂ, ਅਤੇ ਰੋਬੋਟਿਕਸ ਦੇ ਖੇਤਰ ਵਿੱਚ ਇਸ ਕੋਰਸ ਦੇ ਵਿਦਿਆਰਥੀਆਂ ਦੀ ਮੰਗ ਰਹੇਗੀ। ਇਸ ਪ੍ਰੋਗਰਾਮ ਵਿੱਚ ਦਾਖਲਾ ਜੇਈਈ ਮੇਨ ਪ੍ਰਵੇਸ਼ ਪ੍ਰੀਖਿਆ ਦੇ ਪ੍ਰਾਪਤ ਕੀਤੇ ਰੈਂਕ ਦੇ ਆਧਾਰ 'ਤੇ ਹੋਵੇਗਾ।

ਉਨ੍ਹਾਂ ਦੱਸਿਆ ਕਿ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਜਸਪਾਲ ਸਿੰਘ ਸੰਧੂ ਦੀ ਅਗਵਾਈ ਹੇਠ ਇਲੈਕਟ੍ਰੋਨਿਕਸ ਟੈਕਨਾਲੋਜੀ ਵਿਭਾਗ ਨੂੰ ਭਾਰਤ ਸਰਕਾਰ ਦੇ ਦੂਰਸੰਚਾਰ ਵਿਭਾਗ ਵੱਲੋਂ "5ਜੀ ਯੂਜ਼ ਕੇਸ" ਲੈਬ ਪ੍ਰਦਾਨ ਕੀਤੀ ਗਈ ਹੈ। ਇਹ ਪਹਿਲਕਦਮੀ ਦੂਰਸੰਚਾਰ ਦੇ ਖੇਤਰ ਵਿੱਚ ਤਕਨੀਕੀ ਵਿਕਾਸ ਵਿੱਚ ਨਵੇਂ ਦਿਸਹੱਦੇ ਛੂਹਣ ਲਈ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਪ੍ਰਤੀਬੱਧਤਾ ਦੀ ਹਾਮੀ ਭਰਦੀ ਹੈ। ਡਾ. ਰਵਿੰਦਰ ਕੁਮਾਰ ਨੇ ਇਸ ਪ੍ਰਾਪਤੀ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਦੱਸਿਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਭਾਰਤ ਵਿੱਚ ਚੋਣਵੀਆਂ ਸੰਸਥਾਵਾਂ ਵਿੱਚੋਂ ਇੱਕ ਹੈ, ਜਿਸ ਨੂੰ ਦੂਰਸੰਚਾਰ ਵਿਭਾਗ ਵੱਲੋਂ ਇਸ 5ਜੀ ਯੂਜ ਕੇਸ ਲੈਬ ਸਥਾਪਤ ਕਰਨ ਲਈ ਚੁਣਿਆ ਗਿਆ ਹੈ। ਇਸ ਅਤਿ-ਆਧੁਨਿਕ ਬੁਨਿਆਦੀ ਢਾਂਚੇ ਦਾ ਲਾਭ ਉਠਾਉਂਦੇ ਹੋਏ ਅਤੇ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਆਧਾਰ 'ਤੇ 5ਜੀ ਅਤੇ 6ਜੀ ਸੰਚਾਰ ਪ੍ਰਣਾਲੀਆਂ, ਆਰਟੀਫੀਸ਼ੀਅਲ ਇੰਟੈਲੀਜੈਂਸ ਵਰਗੀਆਂ ਅਤਿ ਆਧੁਨਿਕ ਤਕਨਾਲੋਜੀਆਂ 'ਤੇ ਕੇਂਦ੍ਰਿਤ ਇੱਕ ਏਕੀਕ੍ਰਿਤ ਐਮ.ਟੈਕ ਵਾਇਰਲੈੱਸ ਕਮਿਊਨੀਕੇਸ਼ਨ ਆਨ ਕਟਿੰਗਜ਼ ਐਜ ਟੈਕਨਾਲੋਜੀਜ਼ ਸੈਸ਼ਨ 2024-25 ਤੋਂ ਸ਼ੁਰੂ ਕਰੇਗੀ।

ਡਾ. ਕੁਮਾਰ ਨੇ ਦੱਸਿਆ ਕਿ ਵਾਇਰਲੈੱਸ ਕਮਿਊਨੀਕੇਸ਼ਨ ਵਿੱਚ ਨਵਾਂ ਪੇਸ਼ ਕੀਤਾ ਗਿਆ ਐਮ ਟੈਕ ਪ੍ਰੋਗਰਾਮ ਇਲੈਕਟ੍ਰੋਨਿਕਸ ਅਤੇ ਦੂਰਸੰਚਾਰ ਉਦਯੋਗ ਦੀਆਂ ਵਿਕਾਸਸ਼ੀਲ ਲੋੜਾਂ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਗਿਆ ਹੈ ਅਤੇ ਵਿਦਿਆਰਥੀਆਂ ਨੂੰ ਇਸ ਖੇਤਰ ਵਿੱਚ ਸਫਲਤਾ ਪ੍ਰਦਾਨ ਕਰਨ ਲਈ ਹੁਨਰਮੰਦ ਅਤੇ ਗਿਆਨ ਭਰਪੂਰ ਕੀਤਾ ਜਾਵੇਗਾ। ਇਹ ਪ੍ਰੋਗਰਾਮ ਵਿਭਿੰਨ ਖੇਤਰਾਂ ਵਿਚ ਕਰੀਅਰ ਦੀਆਂ ਸੰਭਾਵਨਾਵਾਂ ਪ੍ਰਦਾਨ ਕਰੇਗਾ। ਦੂਰਸੰਚਾਰ ਦੇ ਖੇਤਰ ਵਿਚ 5 ਜੀ ਅਤੇ 6 ਜੀ, ਆਰਟੀਫੀਸ਼ੀਅਲ ਇੰਟੈਲੀਜੈਂਸ, ਬਾਇਓ-ਮੈਡੀਕਲ ਇੰਜੀਨੀਅਰਿੰਗ, ਰਿਮੋਟ ਸੈਂਸਿੰਗ, ਟਿਕਾਊ ਊਰਜਾ ਪ੍ਰਣਾਲੀਆਂ, ਆਟੋਮੇਸ਼ਨ, ਡਰੋਨ, ਸਵੈ-ਡਰਾਈਵਿੰਗ ਕਾਰਾਂ, ਅਤੇ ਰੋਬੋਟਿਕਸ ਦੇ ਖੇਤਰ ਵਿੱਚ ਇਸ ਕੋਰਸ ਦੇ ਵਿਦਿਆਰਥੀਆਂ ਦੀ ਮੰਗ ਰਹੇਗੀ। ਇਸ ਪ੍ਰੋਗਰਾਮ ਵਿੱਚ ਦਾਖਲਾ ਜੇਈਈ ਮੇਨ ਪ੍ਰਵੇਸ਼ ਪ੍ਰੀਖਿਆ ਦੇ ਪ੍ਰਾਪਤ ਕੀਤੇ ਰੈਂਕ ਦੇ ਆਧਾਰ 'ਤੇ ਹੋਵੇਗਾ। ਇਲੈਕਟ੍ਰੋਨਿਕਸ ਅਤੇ ਦੂਰਸੰਚਾਰ ਖੇਤਰਾਂ ਵਿੱਚ ਵਧ ਰਹੇ ਮੌਕਿਆਂ ਦੀ ਚਰਚਾ ਕਰਦਿਆਂ, ਡਾ. ਕੁਮਾਰ ਨੇ ਦੱਸਿਆ ਕਿ ਅਸੀਂ ਆਪਣੇ ਵਿਦਿਆਰਥੀਆਂ ਲਈ ਪਲੇਸਮੈਂਟ ਅਤੇ ਇੰਟਰਨਸ਼ਿਪ ਦੇ ਮੌਕਿਆਂ ਵਿੱਚ ਵਾਧਾ ਦੇਖਿਆ ਹੈ।



## ਪੰਜਾਬ ਦੇ ਸਾਰੇ ਪੁਲਿਸ ਅਧਿਕਾਰੀ/ਕਰਮਚਾਰੀ ਚੋਣ ਕਮਿਸ਼ਨ ਦੇ ਡੈਪੂਟੇਸ਼ਨ 'ਤੇ : ਸਿਬਿਨ ਸੀ

ਚੰਡੀਗੜ੍ਹ, 20 ਮਾਰਚ (ਗਿਆਨ ਸਿੰਘ): ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਜਾਣਕਾਰੀ ਦਿੱਤੀ ਹੈ ਕਿ ਲੋਕ ਸਭਾ ਚੋਣਾਂ-2024 ਸਬੰਧੀ ਆਦਰਸ਼ ਚੋਣ ਜ਼ਾਬਤਾ ਲੱਗਣ ਤੋਂ ਬਾਅਦ ਸੂਬੇ ਦੇ ਸਾਰੇ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ (ਡਾਇਰੈਕਟਰ ਜਨਰਲ ਆਫ਼ ਪੁਲਿਸ ਤੋਂ ਲੈ ਕੇ ਕਾਂਸਟੇਬਲ ਤੱਕ) ਨੂੰ ਭਾਰਤੀ ਚੋਣ ਕਮਿਸ਼ਨ ਦੇ ਡੈਪੂਟੇਸ਼ਨ 'ਤੇ ਮੰਨਿਆ ਜਾਵੇਗਾ। ਇਹ ਪ੍ਰਕਿਰਿਆ ਲੋਕ ਪ੍ਰਤੀਨਿਧਤਾ ਐਕਟ, 1951 ਦੀ ਧਾਰਾ 28ਏ ਦੇ ਉਪਬੰਧਾਂ ਅਨੁਸਾਰ ਚੋਣਾਂ ਦੇ ਪ੍ਰਬੰਧਨ ਅਤੇ ਸੰਚਾਲਨ ਵਿੱਚ ਉਹਨਾਂ ਦੀ ਸਿੱਧੀ ਜਾਂ ਅਸਿੱਧੀ ਸ਼ਮੂਲੀਅਤ ਕਰਕੇ ਅਪਣਾਈ ਜਾਂਦੀ ਹੈ। ਸਿਬਿਨ ਸੀ ਨੇ ਅੱਗੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਇਸ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਜਾ ਚੁੱਕਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਉਪਰੋਕਤ ਹੁਕਮ ਪੁਲਿਸ ਦੇ ਡਾਇਰੈਕਟਰ ਜਨਰਲ, ਪੁਲਿਸ ਦੇ ਵਧੀਕ ਡਾਇਰੈਕਟਰ ਜਨਰਲਾਂ, ਪੁਲਿਸ ਦੇ ਇੰਸਪੈਕਟਰ ਜਨਰਲਾਂ (ਹੈੱਡਕੁਆਰਟਰ ਅਤੇ ਫੀਲਡ), ਪੁਲਿਸ ਕਮਿਸ਼ਨਰਾਂ, ਪੁਲਿਸ ਡਿਪਟੀ ਇੰਸਪੈਕਟਰ ਜਨਰਲਾਂ (ਹੈੱਡਕੁਆਰਟਰਾਂ ਅਤੇ ਫੀਲਡ) ਸਹਾਇਕ ਇੰਸਪੈਕਟਰ ਜਨਰਲ ਆਫ ਪੁਲਿਸ (ਹੈੱਡਕੁਆਰਟਰ ਅਤੇ ਫੀਲਡ), ਸੀਨੀਅਰ ਪੁਲਿਸ ਸੁਪਰਡੈਂਟ, ਪੁਲਿਸ ਸੁਪਰਡੈਂਟ, ਸਬ-ਡਵੀਜ਼ਨਲ ਪੁਲਿਸ ਅਫਸਰ ਜਿਵੇਂ ਕਿ ਡਿਪਟੀ ਸੁਪਰਡੈਂਟ ਆਫ ਪੁਲਿਸ, ਅਤੇ ਹੋਰ ਪੁਲਿਸ ਅਧਿਕਾਰੀ/ਸਮੇਤ ਇੰਸਪੈਕਟਰ, ਸਬ ਇੰਸਪੈਕਟਰ, ਸਹਾਇਕ ਸਬ-ਇੰਸਪੈਕਟਰ, ਹੈੱਡ ਕਾਂਸਟੇਬਲ ਅਤੇ ਕਾਂਸਟੇਬਲ 'ਤੇ ਲਾਗੂ ਹੋਣਗੇ। ਉਨ੍ਹਾਂ ਕਿਹਾ ਕਿ ਡੈਪੂਟੇਸ਼ਨ ਦੇ ਹੁਕਮ ਚੋਣ ਪ੍ਰਕਿਰਿਆ ਪੂਰੀ ਹੋਣ ਤੱਕ ਲਾਗੂ ਰਹਿਣਗੇ।

## ਅਦਾਲਤ 'ਚ ਚਲਾਨ ਪੇਸ਼ ਕਰਨ ਬਦਲੇ 20 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਏ.ਐਸ.ਆਈ. ਕਾਬੂ

ਚੰਡੀਗੜ੍ਹ, 20 ਮਾਰਚ (ਗਿਆਨ ਸਿੰਘ): ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਸੰਗਰੂਰ ਜ਼ਿਲ੍ਹੇ ਦੇ ਥਾਣਾ ਸ਼ੇਰਪੁਰ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਦਰਸ਼ਨ ਸਿੰਘ ਨੂੰ 20,000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਹੇਠ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਪੁਲਿਸ ਮੁਲਾਜ਼ਮ ਨੂੰ ਬਿੰਦਰ ਸਿੰਘ ਵਾਸੀ ਪਿੰਡ ਹੇੜੀਕੇ, ਜ਼ਿਲਾ ਸੰਗਰੂਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੇ ਦੋਸ਼ ਲਗਾਇਆ ਕਿ ਉਕਤ ਏ.ਐਸ.ਆਈ. ਨੇ ਇਸੇ ਪਿੰਡ ਦੇ ਰਹਿਣ ਵਾਲੇ ਉਸਦੇ ਦੋਸਤ ਗੁਰਜੋਤ ਸਿੰਘ ਅਤੇ ਉਸਦੀ ਮਾਤਾ ਕਰਮਜੀਤ ਕੌਰ, ਜਿੰਨਾ ਖਿਲਾਫ ਥਾਣਾ ਸ਼ੇਰਪੁਰ ਵਿਖੇ ਦਰਜ ਇੱਕ ਪੁਲਿਸ ਕੇਸ ਵਿੱਚ ਹੈ, ਕੋਲੋਂ 20,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ। ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਾਇਆ ਕਿ ਉਕਤ ਪੁਲਿਸ ਮੁਲਾਜ਼ਮ ਉਨ੍ਹਾਂ ਕੋਲੋਂ ਪਹਿਲਾਂ ਵੀ ਇਸੇ ਕੇਸ ਵਿੱਚ ਅਦਾਲਤ ਵਿੱਚ ਸਪਲੀਮੈਂਟਰੀ ਚਲਾਨ ਪੇਸ਼ ਕਰਨ ਬਦਲੇ ਵੱਖ-ਵੱਖ ਮੌਕਿਆਂ 'ਤੇ ਰਿਸ਼ਵਤ ਲੈ ਚੁੱਕਾ ਹੈ ਅਤੇ ਹੁਣ ਸ਼ਿਕਾਇਤਕਰਤਾ ਤੋਂ 20,000 ਰੁਪਏ ਹੋਰ ਰਿਸ਼ਵਤ ਦੀ ਮੰਗ ਕਰ ਰਿਹਾ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਏ.ਐਸ.ਆਈ. ਦਰਸ਼ਨ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਲਿਆ। ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।





